ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

International Daily Newspaper & WEB TV

(ਯੂ. ਕੇ. ਤੋਂ ਪ੍ਰਕਾਸ਼ਿਤ)

www.awazeqaumtv.com

Also On

Visit on facebook

https://www.facebook.com/awazeqaumtv/videos/1948995821245331/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 4 ਅਕਤੂਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੯ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਜੀ ਦੀ ਵਿਗੜੀ ਸਿਹਤ, ਹਸਪਤਾਲ ਦਾਖ਼ਲ



**ਅੰਮ੍ਰਿਤਸਰ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਦੀ ਸਿਹਤ ਵਿਗੜ ਗਈ ਹੈ। ਜਿਨ੍ਹਾਂ ਨੂੰ ਇਲਾਜ ਲਈ ਅੰਮ੍ਰਿਤਸਰ ਦੇ ਗੁਰੂ ਰਾਮਦਾਸ ਹਸਪਤਾਲ ਦਾਖ਼ਲ ਕਰਵਾਇਆ ਹੈ। ਕਿਹਾ ਜਾ ਰਿਹਾ ਹੈ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੂੰ ਬੁਖਾਰ ਹੈ ਜਿਸ ਕਾਰਨ ਉਨ੍ਹਾਂ ਦੀ ਸਿਹਤ ਵਿਗੜ ਗਈ ਅਤੇ ਹਸਪਤਾਲ ਦਾਖ਼ਲ ਹਨ।

## ਨਹੀਂ ਸੁਧਰਦੀ ਕੰਗਨਾ!

# ਮੁੜ 'ਪੰਜਾਬੀਆਂ' ਨੂੰ ਦੱਸਿਆ ਨਸ਼ੇੜੀ

**ਮੰਡੀ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸੰਸਦ ਮੈਂਬਰ ਤੇ ਅਦਾਕਾਰਾ ਕੰਗਨਾ ਰਣੌਤ ਨੇ ਕਿਹਾ ਕਿ ਸਾਡੇ ਗੁਆਂਢੀ ਰਾਜਾਂ ਤੋਂ ਇੱਥੇ ਚਿੱਟਾ ਤੇ ਹੋਰ ਬਹੁਤ ਸਾਰੀਆਂ ਚੀਜ਼ਾਂ ਆ ਰਹੀਆਂ ਹਨ। ਉਨ੍ਹਾਂ ਨੇ ਸਾਡੀ ਜਵਾਨੀ ਨੂੰ ਬਰਬਾਦ ਕਰ ਦਿੱਤਾ ਹੈ। ਇਨ੍ਹਾਂ ਤੋਂ ਕੁਝ ਸਿੱਖਣ ਦੀ ਲੋੜ ਨਹੀਂ ਹੈ। ਕੰਗਨਾ ਨੇ ਬਿਨਾਂ ਨਾਂਅ ਲਏ ਗੁਆਂਢੀ ਰਾਜ 'ਤੇ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਕਿਹਾ ਕਿ ਚਾਹੇ ਚਿੱਟਾ ਹੋਵੇ ਜਾਂ ਧੱਕੇਸ਼ਾਹੀ ਜਾਂ ਹੋਰ ਕੁਝ, ਇਹ ਲੋਕ ਸ਼ੋਰ ਮਚਾਉਂਦੇ ਬਾਈਕ 'ਤੇ ਆਉਂਦੇ ਹਨ ਤੇ ਨਸ਼ੇ ਅਤੇ ਸ਼ਰਾਬ ਪੀ ਕੇ ਤਬਾਹੀ ਮਚਾਉਂਦੇ ਹਨ। ਕੰਗਨਾ ਰਣੌਤ ਆਪਣੇ ਗ੍ਰਹਿ ਖੇਤਰ ਭੰਬਲਾ ਨੇੜੇ ਪੰਚਾਇਤ ਸੁਲਪੁਰ ਜਬੋਥ ਵਿੱਚ ਗ੍ਰਾਮ ਸਭਾ ਦੌਰਾਨ ਪਿੰਡ



ਵਾਸੀਆਂ ਨੂੰ ਸੰਬੋਧਨ ਕਰ ਰਹੀ ਸੀ। ਗ੍ਰਾਮ ਸਭਾ ਦੀ ਪ੍ਰਧਾਨਗੀ ਕਰਦਿਆਂ ਕੰਗਨਾ ਰਣੌਤ ਨੇ ਗੁਆਂਢੀ ਰਾਜਾਂ ਦਾ ਜ਼ਿਕਰ ਕਰਦਿਆਂ ਪਿੰਡ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਸਬਕ ਸਿਖਾਇਆ। ਕੰਗਨਾ ਨੇ ਕਿਹਾ ਕਿ ਸ਼ਹਿਰਾਂ ਵਿੱਚ ਗੰਦਗੀ ਜ਼ਿਆਦਾ ਹੈ, ਇਹ ਬਿਮਾਰੀਆਂ ਦਾ ਕਾਰਨ ਬਣਦੀ ਹੈ। ਇਸ ਦੇ ਉਲਟ, ਪੇਂਡੂ ਜੀਵਨ ਸ਼ੈਲੀ ਬਹੁਤ ਵਧੀਆ ਹੈ। ਸਵੱਛਤਾ ਕੇਵਲ ਬਾਹਰੀ ਨਹੀਂ ਹੈ, ਇਹ ਕਦਰਾਂ-ਕੀਮਤਾਂ ਦੇ ਨਾਲ-ਨਾਲ ਅੰਦਰੂਨੀ ਸੁਭਾਅ ਵੀ ਹੈ। ਇਸ ਮੌਕੇ ਕੰਗਨਾ ਨੇ ਪੱਛਮੀ ਬੰਗਾਲ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਨੇ ਕਾਨੂੰਨ ਵਿਵਸਥਾ 'ਤੇ ਸਵਾਲ ਖੜ੍ਹੇ ਕੀਤੇ। ਕੰਗਨਾ ਨੇ ਕਿਹਾ ਕਿ ਹਰ ਰੋਜ਼ ਮਾੜੀਆਂ ਗੱਲਾਂ ਸੁਣਨ ਨੂੰ ਮਿਲਦੀਆਂ ਹਨ। ਹਿਮਾਚਲ ਵਾਸੀ ਅਜਿਹੀ ਕਲਪਨਾ ਵੀ ਨਹੀਂ ਕਰ ਸਕਦੇ। ਹਿਮਾਚਲ ਦਾ ਇਹ ਇੱਕੋ ਇੱਕ ਰਾਜ ਹੈ ਜਿੱਥੇ ਰਾਤ 8 ਵਜੇ ਤੋਂ ਬਾਅਦ ਧੀ ਘਰ ਜਾ ਰਹੀ ਹੈ ਅਤੇ ਹਿਮਾਚਲੀ ਲਿਫਟ ਮੰਗੇਗੀ ਤਾਂ ਉਹ ਧੀ ਨੂੰ ਘਰ ਛੱਡ ਦੇਵੇਗਾ।

## ਭੜਕੀ 'ਆਪ', ਕਿਹਾ- ਇਹ ਤਾਂ ਆਪ ਐਵੇਂ ਲਗਦੀ ਜਿਵੇਂ ਨਸ਼ੇ 'ਚ ਟੁੰਨ ਰਹਿੰਦੀ ਹੋਵੇ

**ਚੰਡੀਗੜ੍ਹ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਵਿਵਾਦਾਂ ਵਿੱਚ ਰਹਿਣ ਦੀ ਆਦੀ ਬਣ ਚੁੱਕੀ ਕੰਗਨਾ ਰਣੌਤ ਨੇ ਮੁੜ ਪੰਜਾਬੀਆਂ ਬਾਰੇ ਬਿਆਨ ਦਿੱਤਾ ਹੈ ਜਿਸ ਵਿੱਚ ਉਨ੍ਹਾਂ ਨੂੰ ਨਸ਼ੇੜੀ ਕਹਿ ਦਿੱਤਾ ਹੈ। ਇਸ ਤੋਂ ਬਾਅਦ ਹੁਣ ਇਸ ਦੀਆਂ ਪ੍ਰਤੀਕਿਰਿਆ ਆਉਣੀਆਂ ਸ਼ੁਰੂ ਹੋ ਗਈਆਂ ਹਨ। ਆਮ ਆਦਮੀ ਪਾਰਟੀ ਨੇ ਤਿੱਖੇ ਲਹਿਜੇ ਵਿੱਚ ਇਸ ਦਾ ਜਵਾਬ ਦਿੱਤਾ ਹੈ। ਸ੍ਰੀ ਆਨੰਦਰਪੁਰ ਸਾਹਿਬ ਤੋਂ ਸਾਂਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ, ਮੈਂ ਕੰਗਨਾ ਤੋਂ ਪੁੱਛਣਾ ਚਾਹੁੰਦਾ ਹਾਂ ਕਿ ਉਹ ਗੁਆਂਢੀ ਸੂਬੇ ਵਿੱਚ ਨਸ਼ੇ ਦੀ ਗੱਲ ਕਰਦੀ ਹੈ ਪਰ ਪਿਛਲੇ ਸਾਲਾਂ ਵਿੱਚ ਨਸ਼ੇ ਦੀਆਂ ਸਭ ਤੋਂ ਵੱਡੀਆਂ ਖੇਪ ਜੋ ਗੁਜਰਾਤ ਤੋਂ ਬਰਾਮਦ ਹੋਈਆਂ ਹਨ, ਜਿੱਥੇ ਦਹਾਕਿਆਂ ਤੋਂ ਭਾਜਪਾ ਦੀ ਸਰਕਾਰ ਹੈ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੀ ਉੱਥੋਂ ਹੀ ਆਉਂਦੇ ਹਨ, ਉਸ ਬਾਰੇ ਕੁਝ ਕਿਉਂ ਨਹੀਂ ਬੋਲਦੀ? ਕੰਗ ਨੇ ਕਿਹਾ ਕਿ, ਕੰਗਨਾ ਦਾ ਸ਼ਬਦਾਵਲੀ ਤੋਂ ਲਗਦਾ ਹੈ ਕਿ ਇਹ ਕਿਤੇ ਆਪ ਤਾਂ ਨਸ਼ੇ ਦੀ ਆਦੀ ਤਾਂ ਨਹੀਂ, ਕਿਉਂਕਿ ਇਹਦੇ ਬਾਰੇ ਤਮਾਮ ਚਰਚਾਵਾਂ ਨੇ, ਇਹਦੀਆਂ



ਫਿਲਮਾਂ ਚਲਦੀਆਂ ਨਹੀਂ ਤੇ ਇਹੋ ਜਿਹੇ ਲੋਕ ਨਿਰਾਸ਼ਾ ਵਿੱਚ ਆ ਕੇ ਨਸ਼ਾ ਕਰਨ ਲੱਗ ਜਾਂਦੇ ਹਨ। ਭਾਜਪਾ ਹਰ ਵਾਰ ਡਰਾਮਾ ਕਰਦੀ ਹੈ ਕਿ ਉਨ੍ਹਾਂ ਦਾ ਕੰਗਨਾ ਦੇ ਬਿਆਨ ਨਾਲ ਕੋਈ ਲੇਗਾਦੇਗਾ ਨਹੀਂ ਹੈ। ਮੈਂ ਭਾਜਪਾ ਪ੍ਰਧਾਨ ਨੂੰ ਕਹਿੰਦਾ ਹਾਂ ਕਿ ਇਸ ਉੱਤੇ ਐਕਸ਼ਨ ਲਿਆ ਜਾਵੇ, ਕੰਗਨਾ ਦਾ ਇੱਕੋ-ਇੱਕ ਮਕਦਸ ਪੰਜਾਬ ਤੇ ਹਰਿਆਣਾ ਦੇ ਲੋਕਾਂ ਵਿੱਚ ਦਰਾੜ ਪਾਈ ਜਾਵੇ। ਜ਼ਿਕਰ ਕਰ ਦਈਏ ਕਿ ਕੰਗਨਾ ਨੇ ਬਿਨਾਂ ਨਾਂਅ ਲਏ ਗੁਆਂਢੀ ਰਾਜ 'ਤੇ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਕਿਹਾ ਕਿ ਚਾਹੇ ਚਿੱਟਾ ਹੋਵੇ ਜਾਂ ਧੱਕੇਸ਼ਾਹੀ ਜਾਂ ਹੋਰ ਕੁਝ, ਇਹ ਲੋਕ ਸ਼ੋਰ ਮਚਾਉਂਦੇ ਬਾਈਕ 'ਤੇ ਆਉਂਦੇ ਹਨ ਤੇ ਨਸ਼ੇ ਅਤੇ ਸ਼ਰਾਬ ਪੀ ਕੇ ਤਬਾਹੀ ਮਚਾਉਂਦੇ ਹਨ।

## ਨਿਊ ਯੌਰਕ ਵਿਚ ਸਿੱਖ ਟੈਕਸੀ ਡਰਾਈਵਰ ਪ੍ਰਭਦੀਪ ਸਿੰਘ ਤੇ ਹਮਲਾ, ਕਿਹਾ ਹਿੰਦੁਸਤਾਨ ਵਾਪਿਸ ਜਾਓ

**ਨਵੀਂ ਦਿੱਲੀ 3 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਬੀਤੇ ਕੁਝ ਦਿਨ ਪਹਿਲਾਂ ਅਮਰੀਕਾ ਨਿਊ ਯੌਰਕ ਤੇ ਮਨਹਟਨ ਵਿਖੇ ਨਿੱਜੀ ਕਾਰ ਚਲਾ ਕੇ ਗੁਜ਼ਾਰਾ ਕਰ ਰਹੇ ਸਿੱਖ ਟੈਕਸੀ ਡਰਾਈਵਰ ਉਪਰ ਅਣਪਛਾਤੇ ਹਮਲਾਵਰ ਵਲੋਂ ਹਮਲਾ ਕਰਕੇ ਜਖਮੀ ਕੀਤਾ ਗਿਆ ਹੈ। ਮਾਮਲੇ ਦੀ ਜਾਣਕਾਰੀ ਦੇਂਦਿਆ ਭਾਈ ਹਰਪ੍ਰੀਤ ਸਿੰਘ ਤੂਰ ਨੇ ਦਸਿਆ ਕਿ



ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਭਦੀਪ ਸਿੰਘ ਜੋ ਕਿ 40 ਸਾਲਾਂ ਅੰਮ੍ਰਿਤਧਾਰੀ ਸਿੰਘ ਹਨ ਤੇ ਪਿਛਲੇ 14 ਸਾਲਾਂ ਤੋਂ ਅਮਰੀਕਾ ਵਿਚ ਨਿੱਜੀ ਟੈਕਸੀ ਚਲਾ ਰਹੇ ਹਨ, ਮਨਹਟਨ ਵਿਖੇ ਸਵਾਰੀ ਦੇਖਣ ਲਈ ਜਦੋ ਆਪਣੀ ਕਾਰ ਤੋਂ ਬਾਹਰ ਨਿਕਲਿਆ ਕਿਸੇ ਅਣਪਛਾਤੇ ਹਮਲਾਵਰ ਨੇ ਇਹ ਕਹਿੰਦੀਆਂ ਕਿ "ਗੋ ਬੈਕ ਇੰਡੀਆ" (ਹਿੰਦੁਸਤਾਨ ਵਾਪਿਸ ਜਾਓ) ਤੇ ਬਹੁਤ ਤੇਜੀ ਨਾਲ ਉਨ੍ਹਾਂ ਦੇ ਮੂੰਹ ਤੇ ਮੁੱਕਾ ਮਾਰ ਦਿੱਤਾ ਜਿਸ ਨਾਲ ਉਨ੍ਹਾਂ ਦਾ ਮੂੰਹ ਸੁਜ ਗਿਆ ਅਤੇ ਨੱਕ 'ਚੋਂ ਤੇਜੀ ਨਾਲ ਖ਼ੂਨ ਨਿਕਲਣ ਲਗ ਪਿਆ ਸੀ। ਮੂੰਹ ਤੇ ਮੁੱਕਾ ਲਗਣ ਕਰਕੇ ਉਨ੍ਹਾਂ ਦੀ ਚੇਤਨਾ ਕੁਝ ਸਮੇਂ ਲਈ ਗੁੰਮ ਹੋ ਗਈ ਜਿਸ ਕਰਕੇ ਓਹ ਹਮਲਾਵਰ ਨੂੰ ਦੇਖ ਨਹੀਂ ਸਕੇ ਜਿਸਦਾ ਲਾਭ ਚਕਦਿਆ ਹਮਲਾਵਰ ਓਥੋਂ ਭੱਜ ਨਿਕਲਿਆ। ਭਾਈ ਹਰਪ੍ਰੀਤ ਸਿੰਘ ਤੂਰ ਨੇ ਦਸਿਆ ਕਿ ਇਸ ਮਾਮਲੇ ਦੀ ਉਨ੍ਹਾਂ ਵਲੋਂ ਪੁਲਿਸ ਅੰਦਰ ਸ਼ਿਕਾਇਤ ਦਰਜ਼ ਕਰਵਾਈ ਗਈ ਹੈ ਤੇ ਮੀਡੀਆ ਵਿਚ ਖ਼ਬਰ ਆਣ ਕਰਕੇ ਪੁਲਿਸ ਵਲੋਂ ਮਾਮਲੇ ਦੀ ਜਾਂਚ ਅੰਦਰ ਤੇਜੀ ਲਿਆਂਦੀ ਜਾ ਰਹੀ ਹੈ। ਅਮਰੀਕਾ ਦੀਆਂ ਸਿੱਖ ਜਥੇਬੰਦੀਆਂ ਨੇ ਇਸ ਗੱਲ ਤੇ ਚਿੰਤਾ ਪ੍ਰਗਟ ਕਰਦਿਆਂ ਸਰਕਾਰ ਨੂੰ ਸਿੱਖਾਂ ਅਤੇ ਘੱਟ ਗਿਣਤੀਆਂ ਦੀ ਸੁਰੱਖਿਆ ਬਾਰੇ ਲੋੜੀਂਦੇ ਕਦਮ ਚੁੱਕਣ ਲਈ ਕਿਹਾ ਹੈ।

## ਜਗਦੀਸ਼ ਟਾਈਟਲਰ ਵਿਰੁੱਧ ਸਿੱਖ ਕਤਲੇਆਮ ਪੀੜਤ ਲਖਵਿੰਦਰ ਕੌਰ ਨੇ ਅਦਾਲਤ ਵਿਚ ਬਿਆਨ ਦਰਜ ਕਰਵਾਏ

**ਨਵੀਂ ਦਿੱਲੀ 3 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):-** ਜਗਦੀਸ਼ ਟਾਈਟਲਰ ਵਿਰੁੱਧ ਸਿੱਖ ਕਤਲੇਆਮ ਪੀੜਤ ਸ਼ਿਕਾਇਤਕਰਤਾ ਲਖਵਿੰਦਰ ਕੌਰ ਨੇ ਦਿੱਲੀ ਦੀ ਰੌਜ਼ ਐਵੇਨਿਊ ਅਦਾਲਤ ਵਿੱਚ ਵਿਸ਼ੇਸ਼ ਸੀਬੀਆਈ ਜੱਜ ਦੇ ਸਾਹਮਣੇ ਆਪਣਾ ਬਿਆਨ ਦਰਜ ਕਰਵਾਇਆ। ਉਸ ਨੇ ਅਦਾਲਤ ਨੂੰ ਦੱਸਿਆ ਕਿ ਉਸ ਨੂੰ ਗ੍ਰੰਥੀ ਸੁਰਿੰਦਰ ਸਿੰਘ ਨੇ ਦੱਸਿਆ ਸੀ ਕਿ ਉਸ ਦੇ ਪਤੀ ਬਾਦਲ ਸਿੰਘ ਨੂੰ ਗੁਰਦੁਆਰਾ ਪੁਲ ਬੰਗਸ਼ ਵਿਖੇ ਭੀੜ ਨੇ ਮਾਰ ਦਿੱਤਾ ਸੀ ਅਤੇ ਟਾਈਟਲਰ ਦੰਗਾਕਾਰੀਆਂ ਨੂੰ ਭੜਕਾ ਰਿਹਾ ਸੀ। ਸੁਰਿੰਦਰ ਸਿੰਘ ਨੇ ਉਸ ਨੂੰ ਦੱਸਿਆ ਕਿ ਟਾਈਟਲਰ ਦੰਗਾਕਾਰੀ ਭੀੜ ਨੂੰ ਕਹਿ ਰਿਹਾ ਸੀ "ਸਿੱਖੋ ਕੋ ਮਾਰ ਦੋ ਉਜਾੜ ਦੋ, ਗੁਰੂਦੁਆਰਾ ਕੋ ਆਗ ਲਗਾ ਦੋ"। 1 ਨਵੰਬਰ 1984 ਨੂੰ ਭਾਰਤ ਦੀ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਸਿੱਖਾਂ ਦੇ ਹੋਏ ਕਤਲੇਆਮ



ਵਿੱਚ ਤਿੰਨ ਸਿੱਖ ਸਰਦਾਰ ਠਾਕੁਰ ਸਿੰਘ, ਬਾਦਲ ਸਿੰਘ ਅਤੇ ਗੁਰਚਰਨ ਸਿੰਘ ਮਾਰੇ ਗਏ ਸਨ। ਲਖਵਿੰਦਰ ਕੌਰ ਨੇ ਅਦਾਲਤ ਨੂੰ ਦਸਿਆ ਕਿ ਸਾਲ 2008 ਵਿੱਚ ਜਦੋਂ ਉਹ ਕੜਕੜਡੂਮਾ ਅਦਾਲਤਾਂ ਦੇ ਚੱਕਰ ਕੱਟ ਰਹੀ ਸੀ, ਤਾਂ ਸੁਰਿੰਦਰ ਸਿੰਘ ਨੇ ਉਸ ਨੂੰ ਬਾਦਲ ਸਿੰਘ ਦੀ ਪਤਨੀ ਵਜੋਂ ਪਛਾਣਦਿਆਂ, ਉਸ ਨੂੰ ਦੱਸਿਆ ਕਿ ਉਸ ਦਿਨ ਉਸ ਦੇ ਪਤੀ ਨਾਲ ਅਸਲ ਵਿੱਚ ਕੀ ਵਾਪਰਿਆ ਸੀ। ਸੁਰਿੰਦਰ ਸਿੰਘ ਨੇ ਘਟਨਾ ਨੂੰ ਗੁਰਦੁਆਰੇ ਦੀ ਛੱਤ ਤੋਂ ਦੇਖਿਆ। ਉਸਨੇ ਮੈਨੂੰ ਦੱਸਿਆ ਕਿ ਉਸਨੇ ਮੇਰੇ ਪਤੀ ਨੂੰ ਉਕਤ ਗੁਰਦੁਆਰੇ ਤੋਂ ਬਾਹਰ ਨਿਕਲਦਿਆਂ ਅਤੇ ਭੀੜ ਦੁਆਰਾ ਹਮਲਾ ਕਰਦੇ ਹੋਏ ਦੇਖਿਆ ਸੀ, ਜਿਸ ਨੇ ਮੇਰੇ ਪਤੀ ਦੀ ਕ੍ਰਿਪਾਨ ਲਾਹ ਦਿੱਤੀ ਸੀ ਅਤੇ ਉਸਨੂੰ ਚਾਕੂ ਮਾਰ ਕੇ ਮਾਰ ਦਿੱਤਾ ਸੀ। ਸੁਰਿੰਦਰ ਸਿੰਘ ਨੇ ਉਸ ਨੂੰ ਦੱਸਿਆ ਕਿ ਟਾਈਟਲਰ ਇੱਕ ਗੱਡੀ ਵਿੱਚ ਘਟਨਾ ਵਾਲੀ ਥਾਂ 'ਤੇ ਆਇਆ ਅਤੇ ਭੀੜ ਨੂੰ ਉਕਸਾਇਆ ਅਤੇ ਸਿੱਖਾਂ ਨੂੰ ਮਾਰਨ ਲਈ ਉਕਸਾਇਆ। ਭੀੜ ਨੇ ਸਿੱਖਾਂ ਦਾ ਸਰੇਆਮ ਕਤਲੇਆਮ ਕੀਤਾ, ਅਤੇ ਮੇਰੇ ਪਤੀ ਦੀ ਹੱਤਿਆ ਕਰਨ ਤੋਂ ਬਾਅਦ, ਉਸਦੀ ਲਾਸ਼ ਨੂੰ ਇੱਕ ਗੱਡੀ ਵਿੱਚ ਰੱਖਿਆ ਗਿਆ ਅਤੇ ਉਸਦੇ ਉੱਪਰ ਸੜਦੇ ਟਾਇਰ ਰੱਖ ਕੇ ਸਾੜ ਦਿੱਤਾ ਗਿਆ। ਆਪਣੇ ਪਤੀ ਦੇ ਕਤਲ ਦੇ ਹਾਲਾਤਾਂ ਬਾਰੇ ਪਤਾ ਲੱਗਣ ਤੋਂ ਬਾਅਦ, ਉਸਨੇ ਆਪਣੇ ਵਕੀਲ ਨਾਲ ਸੰਪਰਕ ਕੀਤਾ, ਜਿਸ ਨੇ ਉਕਤ ਘਟਨਾ ਦੀ ਜਾਂਚ ਲਈ ਕੜਕੜਡੂਮਾ ਅਦਾਲਤ ਵਿੱਚ ਅਰਜ਼ੀ ਦਾਇਰ ਕੀਤੀ। ਕਤਲੇਆਮ ਤੋਂ ਪ੍ਰਭਾਵਿਤ ਹੋਰ ਵਿਅਕਤੀਆਂ ਨੇ ਵੀ ਮੇਰੇ ਨਾਲ ਸਲਾਹ ਕੀਤੀ। ਉਨ੍ਹਾਂ ਦਸਿਆ ਕਿ ਮੇਰਾ ਬਿਆਨ ਸੀਬੀਆਈ ਦੇ ਜਾਂਚ ਅਧਿਕਾਰੀ ਨੇ ਦਰਜ ਕੀਤਾ ਸੀ। ਉਸ ਨੇ ਅਦਾਲਤ ਨੂੰ ਦੱਸਿਆ ਕਿ ਉਸ ਦਾ ਪਤੀ ਘਟਨਾ ਦੀ ਤਰੀਕ ਤੋਂ ਦੋ ਦਿਨ ਪਹਿਲਾਂ ਉਸ ਨੂੰ ਉਸ ਦੇ ਪਿੰਡ ਪੰਥੂਪੁਰਾ, ਮੁਜ਼ੱਫਰਨਗਰ ਵਿਖੇ ਛੱਡ ਕੇ ਵਾਪਸ ਦਿੱਲੀ ਆਇਆ ਸੀ। ਉਸ ਦੇ ਪਤੀ ਦੀ ਮੌਤ ਤੋਂ ਪੰਜ ਦਿਨ ਬਾਅਦ ਉਸ ਦੇ ਕਤਲ ਬਾਰੇ ਪਤਾ ਲੱਗਣ 'ਤੇ ਉਹ ਆਪਣੇ ਸਹੁਰੇ ਨਾਲ ਦਿੱਲੀ ਆ ਗਈ। ਉਨ੍ਹਾਂ ਅਦਾਲਤ ਨੂੰ ਦੱਸਿਆ, ਮੇਰੀ ਵੱਡੀ ਧੀ 10 ਮਹੀਨਿਆਂ ਦੀ ਸੀ ਤੇ ਮੇਰੀ ਛੋਟੀ ਧੀ ਦਾ ਜਨਮ ਸਾਲ 1985 ਵਿੱਚ ਮੇਰੇ ਪਤੀ ਦੀ ਮੌਤ ਤੋਂ ਬਾਅਦ ਹੋਇਆ ਸੀ। ਉਸਨੇ ਅਦਾਲਤ ਵਿੱਚ ਇਹ ਵੀ ਕਿਹਾ ਕਿ ਉਸਨੂੰ 1985 ਵਿੱਚ ਤਿਲਕ ਵਿਹਾਰ, ਦਿੱਲੀ ਵਿੱਚ ਇੱਕ ਡੀਡੀਏ ਫਲੈਟ ਮੁਹੱਈਆ ਕਰਵਾਇਆ ਗਿਆ ਸੀ ਅਤੇ ਸਰਕਾਰ ਤੋਂ ਮੁਆਵਜ਼ੇ ਵਜੋਂ ਕਿਸ਼ਤਾਂ ਵਿੱਚ 7 ਲੱਖ ਰੁਪਏ ਪ੍ਰਾਪਤ ਹੋਏ ਸਨ ਅਤੇ ਮੈਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਟੈਗੋਰ ਗਾਰਡਨ ਵਿੱਚ ਚਪੜਾਸੀ ਵਜੋਂ ਨੌਕਰੀ ਵੀ ਦਿੱਤੀ ਗਈ ਸੀ।

ਇੱਕ ਗਵਾਹ ਦੀ ਗਵਾਹੀ 'ਤੇ ਭਰੋਸਾ ਕਰਦੇ ਹੋਏ, ਸੀਬੀਆਈ ਨੇ ਇਹ ਵੀ ਦਾਅਵਾ ਕੀਤਾ ਕਿ ਟਾਈਟਲਰ ਨੇ ਭੀੜ ਨੂੰ ਇੰਦਰਾ ਗਾਂਧੀ ਦਾ ਹਵਾਲਾ ਦਿੰਦੇ ਹੋਏ ਰੌਲਾ ਪਾ ਕੇ ਭੜਕਾਇਆ ਸੀ, ਕਿ ਸਿੱਖਾਂ ਨੂੰ ਮਾਰੋ ਉਨ੍ਹਾਂ ਨੇ ਸਾਡੀ ਮਾਂ ਨੂੰ ਮਾਰ ਦਿੱਤਾ ਹੈ।

ਜਿਕਰਯੋਗ ਹੈ ਕਿ ਅਦਾਲਤ ਨੇ 30 ਅਗਸਤ ਨੂੰ ਟਾਈਟਲਰ ਵਿਰੁੱਧ ਕਤਲ, ਉਕਸਾਉਣ, ਦੰਗੇ ਕਰਨ, ਸਮੂਹਾਂ ਦਰਮਿਆਨ ਦੁਸ਼ਮਣੀ ਨੂੰ ਵਧਾਵਾ ਦੇਣ ਅਤੇ ਗੈਰ-ਕਾਨੂੰਨੀ ਇਕੱਠ ਦਾ ਹਿੱਸਾ ਬਣਨ ਦੇ ਦੋਸ਼ਾਂ ਤਹਿਤ ਦੋਸ਼ ਆਇਦ ਕਰਨ ਦਾ ਹੁਕਮ ਦਿੱਤਾ ਸੀ। ਅਦਾਲਤ ਨੇ ਕਿਹਾ ਸੀ ਕਿ ਰਿਕਾਰਡ 'ਤੇ ਲਿਆਂਦੀ ਗਈ ਸਮੱਗਰੀ ਨੇ ਪਹਿਲੀ ਨਜ਼ਰੇ ਦਿਖਾਇਆ ਹੈ ਕਿ ਦੋਸ਼ੀ ਉਸ ਇਲਾਕੇ ਦੇ ਗੁਰਦੁਆਰੇ 'ਚ ਗੈਰ-ਕਾਨੂੰਨੀ ਤੌਰ 'ਤੇ ਲੋਕਾਂ ਦੇ ਇਕੱਠ ਦਾ ਮੈਂਬਰ ਸੀ ਅਤੇ ਅਦਾਲਤ ਨੇ ਨੋਟ ਕੀਤਾ ਕਿ ਟਾਈਟਲਰ ਨੇ ਭੀੜ ਨੂੰ ਸਿੱਖਾਂ ਵਿਰੁੱਧ ਅਪਰਾਧਿਕ ਤਾਕਤ ਜਾਂ ਹਿੰਸਾ ਦੀ ਵਰਤੋਂ ਕਰਨ ਲਈ ਉਕਸਾਇਆ ਸੀ।

ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 15 ਅਕਤੂਬਰ ਨੂੰ ਟਾਈਟਲਰ ਦੇ ਵਕੀਲ ਵੱਲੋਂ ਜਿਰ੍ਹਾ ਕਰਣ ਲਈ ਸੂਚੀਬੱਧ ਕੀਤਾ ਗਿਆ ਹੈ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ



ਸ੍ਰੀ ਅਕਾਲ ਤਖ਼ਤ ਸਾਹਿਬ | ਤਖ਼ਤ ਸ੍ਰੀ ਪਟਨਾ ਸਾਹਿਬ | ਤਖ਼ਤ ਸ੍ਰੀ ਕੇਸਗੜ੍ਹ ਸਾਹਿਬ | ਤਖ਼ਤ ਸ੍ਰੀ ਦਮਦਮਾ ਸਾਹਿਬ | ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।


Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ | WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ | Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


Enjoy Real Taste of PUNJAB

24 HOURS SERVICE EVERYDAY

PURE AND NATURAL 100% VEGETARIAN

KD

FULLY A.C. HALL

Khehra VAISHNO DHABA

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757



We Accept Online & Card Payment


## ਆਈਟੀਆਈ ਇੰਪਲਾਈਜ ਐਸੋਸੀਏਸ਼ਨ ਸਰਕਲ ਸੰਗਰੂਰ ਦੀ ਚੋਣ ਚ ਵੱਖ ਵੱਖ ਆਗੂਆਂ ਨੂੰ ਮਿਲੀ ਜਿੰਮੇਵਾਰੀ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਆਈਟੀਆਈ ਇੰਪਲਾਈਜ ਐਸੋਸੀਏਸ਼ਨ ਸਰਕਲ ਸੰਗਰੂਰ ਦੇ ਤੀਸਰੀ ਵਾਰ ਬਣੇ ਪ੍ਰਧਾਨ ਬਣਨ ਤੇ ਜਸਵਿੰਦਰ ਸਿੰਘ ਪਿਸ਼ੌਰ ਨੇ ਕਿਹਾ ਕਿ ਅੱਗ ਲਗਾਉਣ ਸਬੰਧੀ ਪਾਵਰਕੌਮ ਦਾ ਤਕਨੀਕੀ ਅਮਲਾ ਵਾਧੂ ਡਿਊਟੀ ਨਹੀਂ ਕਰੇਗਾ। ਭਾਈ ਹਿੰਮਤ ਸਿੰਘ ਧਰਮਸ਼ਾਲਾ ਵਿੱਚ ਧੂਰੀ, ਲਹਿਰਾਗਾਗਾ, ਸੁਨਾਮ, ਦਿੜਬਾ ਅਤੇ ਸੰਗਰੂਰ ਡਵੀਜਨਾਂ ਦੇ ਆਗੂ ਇਸ ਚੋਣ ਵਿਚ ਸ਼ਾਮਲ ਹੋਏ। ਦਵਿੰਦਰ ਸਿੰਘ ਪਿਸ਼ੌਰ ਦੀ ਦੇਖ ਰੇਖ ਹੇਠ ਹਾਊਸ ਦੀ ਸਹਿਮਤੀ ਨਾਲ ਸਰਕਲ ਸੰਗਰੂਰ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਜਿਸ ਵਿੱਚ ਸਰਕਲ ਪ੍ਰਧਾਨ ਜਸਵਿੰਦਰ ਸਿੰਘ ਜੱਸਾ ਪਿਸ਼ੌਰ ਸੰਗਰੂਰ,ਜਨਰਲ ਸਕੱਤਰ ਮਨਪ੍ਰੀਤ ਸਰਮਾ ਭਵਾਨੀਗੜ੍ਹ, ਖਜਾਨਚੀ ਮਨਪ੍ਰੀਤ ਸਿੰਘ ਜਵਾਹਰ ਵਾਲਾ, ਸੀਨੀਅਰ ਮੀਤ ਪ੍ਰਧਾਨ ਰਵਿੰਦਰ ਸਿੰਘ ਭੱਟ, ਮਨਜੀਤ ਸਿੰਘ ਲੱਡਾ, ਮੀਤ ਪ੍ਰਧਾਨ ਰਾਜਿੰਦਰ ਸਿੰਘ ਸਾਹਪੁਰ, ਪੂਰਨ ਸਿੰਘ ਖੇੜੀ ਅਤੇ ਜਥੇਬੰਦਕ ਸਕੱਤਰ ਜਰਨੈਲ ਸਿੰਘ ਮਾਨਾ ਨੂੰ ਚੁਣਿਆ ਗਿਆ। ਅੱਜ ਦੀ ਇਸ ਚੋਣ ਵਿੱਚ ਸਟੇਟ ਆਗੂ ਇੰਜ ਬਲਵਿੰਦਰ ਸਿੰਘ ਜਖੇਪਲ,ਇੰਜ: ਜਗਦੀਪ ਸਿੰਘ ਗੁੱਜਰਾਂ, ਇੰਜ: ਭਾਨ ਸਿੰਘ ਜੱਸੀ ਪੇਧਨੀ, ਗੁਰਜੀਤ ਸਿੰਘ ਸੇਰਗਿੱਲ ਅਤੇ ਇੰਜ ਸਖਰਾਜ ਸਿੰਘ ਮਾਨ ਵਿਸ਼ੇਸ ਤੌਰ ਤੇ ਸ਼ਾਮਲ ਹੋਏ। ਨਵੀਂ ਚੁਣੀ ਕਮੇਟੀ ਨੇ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਦੇ ਹੱਕ ਲਈ ਸੰਘਰਸ਼ ਵਿੱਚ ਮੋਹਰੀ ਰੋਲ ਅਦਾ ਕਰਨ ਦਾ ਐਲਾਨ ਕੀਤਾ।


ਆਵਾਜ਼ਿ ਕੌਮ AWAZE QAUM International Newspaper & WEB TV



ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ | Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






www.khalsaforge.com



HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621




# • ਪੁਰਜ਼ੋਰ ਅਪੀਲ •

ਦੇਸ਼ ਵਿਦੇਸ਼ ਵਿੱਚ ਵੱਸਦੀ ਸਮੂਹ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਭਾਰਤੀ ਹਕੂਮਤ ਦੇ ਹੁਕਮਾਂ ਤੇ ਸਿੱਖਾਂ ਦੇ ਪਾਵਨ ਪਵਿੱਤਰ ਅਸਥਾਨ ਸਾਹਿਬ ਸ੍ਰੀ ਹਰਿਮੰਦਰ ਸਾਹਿਬ ਤੇ ਧਾੜਵੀ ਬਣਕੇ ਆਕੇ ਟੈਂਕਾਂ ਤੋਪਾਂ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨ ਵਾਲੇ ਜਰਨਲ ਵੈਦਿਆ ਨੂੰ ਸੋਧਾ ਲਾਕੇ ਸਿੱਖ ਕੌਮ ਦੀ ਡਿੱਗੀ ਪੱਗ ਸਿਰ ਤੇ ਰੱਖਣ ਵਾਲੇ ਸੂਰਬੀਰ ਯੋਧੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਜੀ ਦੀ 32ਵੀਂ ਬਰਸੀ ਉਹਨਾਂ ਦੇ ਜੱਦੀ ਪਿੰਡ ਗੱਦਲੀ, ਜਿਲਾ ਅੰਮ੍ਰਿਤਸਰ ਵਿਖੇ 9 ਅਕਤੂਬਰ 2024 ਨੂੰ ਮਨਾਈ ਜਾ ਰਹੀ ਹੈ। ਆਪ ਸਭ ਨੇ ਆਪਣੇਂ ਕੀਮਤੀ ਰੁਝੇਵਿਆਂ ਚੋਂ ਸਮਾਂ ਕੱਢ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਬੇਨਤੀ ਕਰਤਾ :-

## ਭਾਈ ਭੁਪਿੰਦਰ ਸਿੰਘ ਗੱਦਲੀ

(ਭਰਾਤਾ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ)


DHAN DHAN SRI GURU NANAK DEV JI'S
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 3 NOV 2024
GURDWARA GURU HAR RAI SAHIB JI START 9.00AM
George Street, West Bromwich
GURU NANAK GURDWARA 11.00AM
Edward Street, West Bromwich
GURDWARA AMRIT PARCHAR DHARMIK DIWAN 1.00PM
Birmingham Road, Oldbury
GURDWARA GURU MANEYO GRANTH 2.00PM
Popes Lane, Oldbury
GURDWARA BABA SANG 3.15PM
St Paul's Road, Smethwick
GURU NANAK GURDWARA SMETHWICK 4.00pm FINISH
High Street, Smethwick
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਅਰੰਭਤਾ: ੯.੦੦ ਵਜੇ
ਜੋਰਜ ਸਟਰੀਟ ਵੈਸਟ ਬ੍ਰਮਵਿਚ
ਗੁਰੂ ਨਾਨਕ ਗੁਰਦੁਆਰਾ, ੧੧.੦੦ ਵਜੇ
ਏਡਵਰਡ ਸਟਰੀਟ ਵੈਸਟ ਬ੍ਰਮਵਿਚ
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧.੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨.੦੦ ਵਜੇ
ਪੋਪਸ ਲੇਨ, ਓਲਦਬਰੀ
ਗੁਰਦੁਆਰਾ ਬਾਬਾ ਸੰਗ ਜੀ ੩.੧੫ ਵਜੇ
ਸਟ. ਪੌਲਜ਼ ਰੋਡ, ਸਮੈਦਿਕ
ਗੁਰੂ ਨਾਨਕ ਗੁਰਦੁਆਰਾ ਸਮਾਪਤੀ: ੪.੦੦ ਵਜੇ
ਸਮੈਦਿਕ
ਆਵਾਜ਼ਿ ਕੌਮ
AWAZE QAUM
International Newspaper & WEB TV
GURU HAR RAI GURDWARA SAHIB - 0121 553 7219
GURU NANAK GURDWARA SMETHWICK - 0121 558 2527
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
GURU NANAK GURDWARA SMETHWICK
The Council of Sikh Gurdwaras in Sandwell

ਕਿਸਾਨ ਅੰਦੋਲਨ ਦੇ ਸੱਦੇ 'ਤੇ ਲਖੀਮਪੁਰ ਖੀਰੀ ਕਤਲਕਾਂਡ ਖਿਲਾਫ

# 5 ਸੂਬਿਆਂ ਵਿੱਚ 2 ਘੰਟੇ ਦਾ ਸਫ਼ਲ ਰੇਲ ਰੋਕੋ ਮੋਰਚਾ



**ਨਵੀਂ ਦਿੱਲੀ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-2020-21 ਦੇ ਦਿੱਲੀ ਕਿਸਾਨ ਅੰਦੋਲਨ 1 ਦੌਰਾਨ ਅੱਜ ਦੇ ਦਿਨ ਭਾਜਪਾ ਲੀਡਰ ਅਤੇ ਉਸ ਵੇਲੇ ਦੇ ਗ੍ਰਹਿ ਰਾਜ ਮੰਤਰੀ ਅਜੇ ਮਿਸ਼ਰਾ ਦੇ ਪੁੱਤ ਅਸ਼ੀਸ਼ ਮਿਸ਼ਰਾ ਵੱਲੋਂ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ ਵਿੱਚ, ਸ਼ਾਂਤਮਈ ਧਰਨਾ ਪ੍ਰਦਰਸ਼ਨ ਕਰਕੇ ਪੈਦਲ ਜਾ ਰਹੇ, ਕਿਸਾਨਾਂ ਉੱਪਰ ਤੇਜ਼ ਰਫਤਾਰ ਗੱਡੀਆਂ ਚਾੜ੍ਹ ਕੇ, 4 ਕਿਸਾਨਾਂ ਅਤੇ 1 ਪੱਤਰਕਾਰ ਸਾਥੀ ਦੀ ਹੱਤਿਆ ਕੀਤੇ ਜਾਣ ਤੋਂ ਬਾਅਦ ਤਿੰਨ ਸਾਲ ਬੀਤ ਜਾਣ ਅਤੇ ਦੋਸ਼ੀਆਂ ਤੇ ਦੋਸ਼ ਤਹਿ ਹੋਣ ਦੇ ਬਾਵਜੂਦ ਵੀ ਦੋਸ਼ੀ ਖੁੱਲ੍ਹੇ ਘੁੰਮ ਰਹੇ ਹਨ, ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਲਈ ਉਲੀਕੇ ਭਾਰਤ ਪੱਧਰੀ ਰੇਲ ਰੋਕੋ ਮੋਰਚੇ ਦੌਰਾਨ, ਕਿਸਾਨ ਮਜਦੂਰ ਸੰਘਰਸ਼ ਕਮੇਟੀ ਦੇ ਸੂਬਾ ਅਤੇ ਕਿਸਾਨ ਮਜ਼ਦੂਰ ਮੋਰਚਾ ਦੇ ਕੋਆਡੀਨੇਟਰ ਸਰਵਣ ਸਿੰਘ ਪੰਧੇਰ ਨੇ ਅੰਮ੍ਰਿਤਸਰ ਤੋਂ ਦਿੱਲੀ ਰੇਲ ਮਾਰਗ ਤੇ ਦੇਵੀਦਾਸਪੁਰ ਫਾਟਕ ਮੋਰਚੇ ਤੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੇਸ਼ ਦੇ 5 ਸੂਬਿਆਂ ਰਾਜਿਸਥਾਨ ਵਿੱਚ ਗੰਗਾਨਗਰ, ਮੱਧ ਪ੍ਰਦੇਸ਼ ਵਿੱਚ ਝਾਬੂਆ, ਹਰਿਆਣਾ ਵਿੱਚ ਅੰਬਾਲਾ, ਤਾਮਿਲਨਾਡੂ ਵਿੱਚ ਕੋਇੰਬਟੂਰ ਅਤੇ ਪੰਜਾਬ ਵਿੱਚ 22 ਜਿਲ੍ਹਿਆਂ ਵਿੱਚ ਸਫਲ ਰੇਲ ਰੋਕੋ ਧਰਨਾ ਦੇ ਕੇ ਲਖੀਮਪੁਰ ਦੇ ਕਾਤਲਾਂ ਨੂੰ ਜੇਲ੍ਹ ਵਿੱਚ ਸੁੱਟਣ ਦੀ ਮੰਗ ਕੀਤੀ ਗਈ। ਸਰਵਣ ਸਿੰਘ ਪੰਧੇਰ ਨੇ ਦੇਵੀਦਾਸਪੁਰਾ ਤੋਂ ਦੱਸਿਆ ਕਿ ਅੱਜ ਦਿੱਲੀ ਅੰਦੋਲਨ 2 ਦੀ ਅਗਵਾਈ ਕਰ ਰਹੇ ਕੇ. ਐਮ. ਐਮ. ( ਭਾਰਤ ) ਅਤੇ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਿਕ) ਵੱਲੋਂ ਦਿੱਤੇ ਗਏ ਭਾਰਤ ਪੱਧਰੀ ਰੇਲ ਰੋਕੋ ਸੱਦੇ ਤੇ ਜਿਲ੍ਹਾ ਅੰਮ੍ਰਿਤਸਰ ਵਿੱਚ ਉਮੀਦ ਤੋਂ ਵਧੇਰੇ ਇੱਕਠ ਹੋਇਆ ਅਤੇ ਪ੍ਰਬੰਧ ਛੋਟੇ ਪੈ ਗਏ। ਦੋਨਾਂ ਫ਼ੋਰਮਾਂ ਵੱਲੋਂ ਦੇਸ਼ ਦੇ ਵੱਖ ਵੱਖ ਸੂਬਿਆਂ ਵਿਚ ਰੇਲ ਚੱਕਾ ਜ਼ਾਮ ਕਰਕੇ ਦੋਸ਼ੀਆਂ ਨੂੰ ਜੇਲ੍ਹ ਵਿੱਚ ਸੁੱਟੇ ਜਾਣ ਦੀ ਮੰਗ ਕੀਤੀ ਹੈ ਜਿਸ ਦੇ ਚਲਦੇ ਕਿਸਾਨ ਮਜਦੂਰ ਸੰਘਰਸ਼ ਕਮੇਟੀ ਵੱਲੋਂ ਭਰਪੂਰ ਗਿਣਤੀ ਵਿੱਚ ਐਕਸ਼ਨ ਵਿੱਚ ਸ਼ਮੂਲੀਅਤ ਕੀਤੀ ਜਾ ਰਹੀ ਹੈ । ਉਹਨਾਂ ਨੇ ਦੱਸਿਆ ਕਿ ਜਿਲ੍ਹਾ ਅੰਮ੍ਰਿਤਸਰ ਵੱਲੋਂ 2 ਜਗ੍ਹਾ ਤੇ ਰੇਲ ਚੱਕਾ ਜ਼ਾਮ ਕਰਕੇ ਆਵਾਜ਼ ਬੁਲੰਦ ਕੀਤੀ ਗਈ ਹੈ। ਉਹਨਾਂ ਕਿਹਾ ਕਿ ਕੇਂਦਰ ਦੀ ਭਾਜਪਾ ਦੀ ਅਗਵਾਈ ਵਾਲੀ ਐਨ ਡੀ ਏ ਸਰਕਾਰ ਅਤੇ ਉਤਰ ਪ੍ਰਦੇਸ਼ ਦੀ ਜੋਗੀ ਅਦਿੱਤਿਆਨਾਥ ਦੀ ਸਰਕਾਰ ਦੋਸ਼ੀਆਂ ਨੂੰ ਬਚਾਉਣ ਦਾ ਕੰਮ ਕਰ ਰਹੀ ਹੈ। ਉਹਨਾਂ ਨੇ ਕਿਹਾ ਕਿ ਨਿਆ ਮਿਲਣ ਵਿੱਚ ਜਿੰਨੀ ਦੇਰ ਹੋ ਰਹੀ ਹੈ ਲੋਕਾਂ ਦਾ ਵਿਸ਼ਵਾਸ ਨਿਆ ਪ੍ਰਨਾਲੀ ਤੋਂ ਬਿਲਕੁਲ ਉੱਠਦਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਅਸੀਂ ਕਦੀ ਵੀ ਲਖੀਮਪੁਰ ਦੇ ਸ਼ਹੀਦ ਕਿਸਾਨਾਂ ਦੀ ਕੁਰਬਾਨੀ ਨੂੰ ਅਜ਼ਾਏ ਨਹੀਂ ਜਾਣ ਦੇਵਾਂਗੇ ਅਤੇ ਲਗਾਤਾਰ ਆਵਾਜ਼ ਬੁਲੰਦ ਕਰਦੇ ਰਹਾਂਗੇ। ਉਹਨਾਂ ਦੱਸਿਆ ਕਿ ਦਿੱਲੀ ਅੰਦੋਲਨ 1 ਦੀਆਂ ਕੁਰਬਾਨੀਆਂ ਨੂੰ ਯਾਦ ਕਰਦੇ ਹੋਏ ਉਹਨਾਂ ਸ਼ਹੀਦਾਂ ਦੀਆਂ ਅਧੂਰੀਆਂ ਪਈਆਂ ਮੰਗਾਂ ਤੇ ਸੁਪਨਿਆਂ ਨੂੰ ਪੂਰਾ ਕਰਵਾਉਣ ਲਈ ਜਾਰੀ ਦਿੱਲੀ ਅੰਦੋਲਨ 2 ਅੱਜ ਸਰਕਾਰ ਦੇ ਗਲੇ ਦੀ ਹੱਡੀ ਬਣ ਚੁੱਕਾ ਹੈ, ਜਿਸ ਦੀਆਂ ਮੁੱਖ ਮੰਗਾਂ ਵਿੱਚ ਇਸ ਕਤਲਕਾਂਡ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਦੀ ਮੰਗ ਮੋਹਰੀ ਮੰਗਾਂ ਵਿੱਚ ਸ਼ਾਮਿਲ ਹੈ। ਉਹਨਾਂ ਨੇ ਕਿਹਾ ਕਿ ਬੇਸ਼ੱਕ ਰੇਲ ਰੋਕੋ ਅੰਦੋਲਨ ਨਾਲ ਆਮ ਲੋਕਾਂ ਨੂੰ 2 ਘੰਟੇ ਦੀ ਤਕਲੀਫ ਹੋ ਸਕਦੀ ਹੈ ਪਰ ਉਹਨਾਂ ਪਰਿਵਾਰਾਂ ਦੀ ਤਕਲੀਫ ਅਤੇ ਘਾਟਾ ਨਾ ਸਹਿਣਯੋਗ ਹੈ। ਸੋ ਸਾਡਾ ਸੰਘਰਸ਼ ਉਹਨਾਂ ਪਰਿਵਾਰਾਂ ਨੂੰ ਇਨਸਾਫ ਦਿਵਾਉਣ ਤੱਕ ਜ਼ਾਰੀ ਰਹੇਗਾ। ਇਸ ਮੌਕੇ ਵੱਖ ਵੱਖ ਸੂਬਿਆਂ ਵਿੱਚ ਜਗਜੀਤ ਸਿੰਘ ਡੱਲੇਵਾਲ ਪੰਜਾਬ, ਰਣਜੀਤ ਸਿੰਘ ਰਾਜੂ, ਅਮਰਜੀਤ ਸਿੰਘ ਮੋਹੜੀ, ਪਰਮਜੀਤ ਮੱਧ ਪ੍ਰਦੇਸ਼, ਮਿ. ਅਨੰਦ ਤਾਮਿਲਨਾਡੂ, ਜਸਵਿੰਦਰ ਲੌਂਗੋਵਾਲ, ਸੁਰਜੀਤ ਸਿੰਘ ਫੂਲ, ਸੁਖਵਿੰਦਰ ਸਿੰਘ ਸਭਰਾ, ਜੰਗ ਸਿੰਘ ਭਟੇਰੀ, ਦਿਲਬਾਗ ਸਿੰਘ ਗਿੱਲ, ਮਲਕੀਤ ਸਿੰਘ ਗੁਲਾਮੀਵਾਲਾ, ਓਂਕਾਰ ਸਿੰਘ ਭੰਗਾਲਾ, ਕਾਕਾ ਸਿੰਘ ਕੋਟੜਾ, ਗੁਰ ਅਮਨੀਤ ਮਾਂਗਟ, ਮਨਜੀਤ ਸਿੰਘ ਰਾਏ, ਤੇ ਜਿਲ੍ਹੇ ਭਰ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨਾਂ ਮਜਦੂਰਾਂ ਅਤੇ ਔਰਤਾਂ ਨੇ ਸ਼ਮੂਲੀਅਤ ਕਰਕੇ ਦੋਸ਼ੀਆਂ ਲਈ ਸਜ਼ਾਵਾਂ ਦੀ ਮੰਗ ਕੀਤੀ। ਦਿੱਲੀ ਅੰਮ੍ਰਿਤਸਰ ਰੇਲ ਮਾਰਗ ਦੇਵੀਦਾਸਪੁਰ ਮੋਰਚੇ ਤੇ ਰਣਜੀਤ ਸਿੰਘ ਕਲੇਰ, ਗੁਰਬਚਨ ਸਿੰਘ ਚੱਬਾ, ਸਕੱਤਰ ਸਿੰਘ ਕੋਟਲਾ, ਬਲਦੇਵ ਸਿੰਘ ਬੱਗਾ, ਲਖਵਿੰਦਰ ਸਿੰਘ ਡਾਲਾ, ਕੰਧਾਰ ਸਿੰਘ ਭੋਏਵਾਲ, ਸੁਖਦੇਵ ਸਿੰਘ ਚਾਟੀਵਿੰਡ, ਕੁਲਜੀਤ ਸਿੰਘ ਕਾਲੇ, ਬਲਵਿੰਦਰ ਸਿੰਘ ਬਿੰਦੂ ਅਤੇ ਗੁਰਦੇਵ ਸਿੰਘ ਗੱਗੋਮਾਹਲ, ਮੰਗਜੀਤ ਸਿੱਧਵਾਂ, ਸਵਿੰਦਰ ਸਿੰਘ ਰੂਪੋਵਾਲੀ ਸਮੇਤ ਹਜ਼ਾਰਾਂ ਕਿਸਾਨ ਮਜਦੂਰ ਤੇ ਔਰਤਾਂ ਹਾਜ਼ਿਰ ਹੋਏ।

## ਦੋਸ਼ੀਆਂ ਨੂੰ ਜੇਲ੍ਹ ਵਿੱਚ ਸੁੱਟਣ ਅਤੇ ਕਿਸਾਨੀ ਮੰਗਾਂ ਹੱਲ ਕਰਨ ਦੀ ਕੀਤੀ ਮੰਗ

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਦਾ

# 117ਵਾਂ ਜਨਮ ਦਿਨ ਖ਼ੂਨ ਦਾਨ ਕੈਂਪ ਲਗਾ ਕੇ ਮਨਾਇਆ



**ਧੂਰੀ,( ਰਣਜੀਤ ਸਿੰਘ ਪੇਧਨੀ )**-ਸੰਸਥਾ ਪਰਿਵਰਤਨ ਮਾਲਵਾ ਫਰੈਂਡਜ਼ ਵੈਲਫੇਅਰ ਸੁਸਾਇਟੀ ਧੂਰੀ ਵੱਲੋਂ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਜੀ ਦੇ 117ਵੇਂ ਜਨਮ ਦਿਨ ਮੌਕੇ ਧੂਰੀ ਵਿਖੇ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਸ੍ਰੀ ਵਿਜੇ ਗੋਇਲ (ਰਾਈਸਿਲਾ ਗਰੁੱਪ) ਅਤੇ ਸ੍ਰੀ ਮੱਖਣ ਲਾਲ ਗਰਗ (ਸਮਾਜ ਸੇਵੀ ) ਵੱਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਇਸ ਮੌਕੇ ਸ, ਕਿਰਪਾਲ ਸਿੰਘ(ਸਿਵਲ ਸਰਜਨ ਸੰਗਰੂਰ) ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਅਤੇ ਕੈਂਪ ਮੌਕੇ ਹਾਜ਼ਰ ਰਹੇ। ਇਸ ਕੈਂਪ ਮੌਕੇ ਢਾਈ ਸੌ ਤੋਂ ਜਿਆਦਾ ਖੂਨਦਾਨੀਆਂ ਵੱਲੋਂ ਖ਼ੂਨ ਦਾਨ ਕੀਤਾ ਗਿਆ। ਕੈਂਪ ਵਿੱਚ ਸਰਕਾਰੀ ਹਸਪਤਾਲ ਸੰਗਰੂਰ ਬਲੱਡ ਬੈਂਕ ਦੀ ਟੀਮ ਅਤੇ ਮਿੱਤਲ ਬਲੱਡ ਬੈਂਕ ਸੰਗਰੂਰ ਦੀ ਟੀਮ ਵੱਲੋਂ ਖੂਨ ਇਕੱਠਾ ਕੀਤਾ ਗਿਆ। ਧੂਰੀ ਪਿੰਡ ਇਸ ਮੌਕੇ ਸ੍ਰੀ ਵਿਜੇ ਗੋਇਲ ਜੀ ਨੇ ਦੱਸਿਆ ਕਿ ਸਾਨੂੰ ਵੱਧ ਤੋਂ ਵੱਧ ਖੂਨਦਾਨ ਕਰਨਾ ਚਾਹੀਦਾ ਹੈ ਤਾਂ ਜੋ ਕੀਮਤੀ ਜਿਹੜੀਆਂ ਜਾਨਾਂ ਨੂੰ ਬਚਾਇਆ ਜਾ ਸਕੇ। ਕੈਂਪ ਵਿੱਚ ਡਾਕਟਰ ਰੁਪਿੰਦਰ ਗਰਗ, ਸ੍ਰੀ ਅਵਨੀਸ਼ ਰਾਣਾ ਵੱਲੋਂ ਵੀ ਸ਼ਿਰਕਤ ਕੀਤੀ ਗਈ। ਸੰਸਥਾ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਡਿੰਪੀ, ਲਾਈਫ ਗਾਰਡ ਨਾਰਸਿੰਗ ਇੰਸਟੀਟਿਊਟ , ਦੇਸ਼ ਭਗਤ ਕਾਲਜ ਬਰੜਵਾਲ, ਗੋਲਡਨ ਬੈਲਜ ਸਕੂਲ ਧੂਰੀ , ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਵਾਰਾ , ਸਰਕਾਰੀ ਮਿਡਲ ਸਕੂਲ ਰਟੋਲਾ , ਸਰਕਾਰੀ ਸਕੈਂਡਰੀ ਸਕੂਲ ਧੂਰੀ ਪਿੰਡ ਦੇ ਵਲੰਟੀਅਰਾਂ ਇਹ ਸਭ ਸੇ ਵੱਲੋਂ ਖੂਨਦਾਨ ਕੈਂਪ ਤੇ ਦਿੱਤੇ ਯੋਗਦਾਨ ਲਈ ਵਿਸ਼ੇਸ਼ ਸਨਮਾਨ ਕੀਤਾ ਗਿਆ। ਨੈਸ਼ਨਲ ਰਿਸੀ ਇਸ ਮੌਕੇ ਜਗਰੂਪ ਸਿੰਘ, ਗੁਰਤੇਜ ਸਿੰਘ, ਜਸਵਿੰਦਰ ਕੁਮਾਰ, ਪੁਨੀਤ ਗੋਇਲ , ਸੁਖਜੀਤ ਕੌਰ , ਜਸਵਿੰਦਰ ਸਿੰਘ , ਅਮਨਦੀਪ ਕੌਰ , ਰੀਟਾ ਗੋਇਲ, ਕਿਰਨ ਬਾਲਾ, ਦੀਪੀਕਾ ਸ਼ਰਮਾ, ਰਿਜੂ ਸ਼ਰਮਾ, ਜੋਗਿੰਦਰ ਸਿੰਘ , ਸਰੇਸ਼ ਰਾਧੇ, ਸੁੰਦਰ ਲਾਲ, ਕਮਲ ਸ਼ਰਮਾ, ਸੁਖਬੀਰ ਸਿੰਘ, ਸੁਖਪਾਲ ਸਿੰਘ ਆਦਿ ਮੈਂਬਰ ਨੇ ਕੈਂਪ ਨੂੰ ਸਫਲ ਬਣਾਉਣ ਲਈ ਵਿਸ਼ੇਸ਼ ਯੋਗਦਾਨ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਕਲੇਰਾਂ ਭੋਰਾ ਸਾਹਿਬ ਵਿਖੇ ਬਾਬਾ ਸ੍ਰੀ ਚੰਦ ਦੀ ਯਾਦ ਵਿਚ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ



**ਸ਼ੇਰਪਰ ( ਰਣਜੀਤ ਸਿੰਘ ਪੇਧਨੀ )**- ਸੰਤ ਬਾਬਾ ਜਗਜੀਤ ਸਿੰਘ ਭੋਰਾ ਸਾਹਿਬ ਕਲੇਰਾਂ ਵਾਲਿਆਂ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਬਾਬਾ ਸ੍ਰੀ ਚੰਦ ਦੀ ਯਾਦ ਵਿਚ ਸਾਲਾਨਾ ਧਾਰਮਿਕ ਗੁਰਮਤਿ ਸਮਾਗਮ ਹਰ ਸਾਲ ਦੀ ਤਰ੍ਹਾਂ ਸ਼ਰਧਾ, ਸਨਮਾਨ, ਸਤਿਕਾਰ ਅਤੇ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸੰਤ ਮਹਾਂਪੁਰਸ਼ਾਂ, ਕਵੀਸ਼ਰੀ ਜਥਿਆਂ, ਪ੍ਰਚਾਰਕਾਂ, ਰਾਗੀਆਂ ਅਤੇ ਢਾਡੀਆਂ ਨੇ ਗੁਰਬਾਣੀ ਦੇ ਮਨੋਹਰ ਕੀਰਤਨ, ਕਵਿਤਾਵਾਂ ਅਤੇ ਸਿੱਖ ਇਤਿਹਾਸ ਤੇ ਚਾਨਣਾ ਪਾਉਂਦਿਆਂ ਸੰਗਤਾਂ ਨੂੰ ਗੁਰਬਾਣੀ ਆਸ਼ੇ ਅਨੁਸਾਰ ਜੀਵਨ ਬਤੀਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਆਏ ਹੋਏ ਸਾਰੇ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ, ਪ੍ਰਚਾਰਕਾਂ, ਕਵੀਸ਼ਰੀ ਜਥਿਆਂ, ਰਾਗੀਆਂ ਤੇ ਢਾਡੀਆਂ ਦਾ ਸਿਰੋਪਾਉ ਬਖ਼ਸ਼ੀਸ਼ ਕਰ ਕੇ ਸਨਮਾਨ ਕੀਤਾ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਦਫ਼ਤਰ ਇੰਚਾਰਜ ਮੁੱਖ ਮੰਤਰੀ , ਡਾਕਟਰ ਅਨਵਰ ਭਸੌੜ ਮੈਬਰ ਵਕਫ ਬੋਰਡ ਪੰਜਾਬ ਬਹਾਦਰ ਸਿੰਘ ਘਨੌਰੀ ਡਾਇਰੈਕਟਰ ਦਾ ਐਕਟ ਸ਼ੇਰਪੁਰ, ਨਰਿੰਦਰ ਸਿੰਘ ਕਾਲਾਬੂਲਾ, ਅਮਰੀਕ ਸਿੰਘ ਘਨੌਰੀ, ਬਾਬਾ ਮਨਦੀਪ ਸਿੰਘ ਟਿੱਬਾ ਵਾਲੇ, ਸ਼ਮਸ਼ੇਰ ਸਿੰਘ ਈਸਾਪੁਰ, ਨਿਰਭੈ ਸਿੰਘ ਘਨੌਰ, ਬਾਬਾ ਭਰਪੂਰ ਸਿੰਘ ਸੇਖਾ, ਮਹੰਤ ਹਰਵਿੰਦਰ ਦਾਸ ਸੁਲਤਾਨਪੁਰ, ਮਹੰਤ ਗੋਪਾਲ ਦਾਸ, ਬਾਬਾ ਰਾਜਵਿੰਦਰ ਸਿੰਘ ਟਿੱਬਾ, ਗੁਰਜੀਤ ਸਿੰਘ ਈਸਾਪੁਰ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੈਬਨਿਟ ਮੰਤਰੀ ਸ ਧਾਲੀਵਾਲ ਅਤੇ ਕੈਬਨਿਟ ਮੰਤਰੀ ਸ੍ਰ ਈ ਟੀ ਓ ਨਾਲ ਸ਼ੈਲਰ ਮਾਲਕਾਂ ਦੇ ਵਫ਼ਦ ਵੱਲੋਂ ਆਪਣੀਆਂ ਮੰਗਾਂ ਅਤੇ ਲੋੜਾਂ ਪ੍ਰਤੀ ਕੀਤੀ ਮੀਟਿੰਗ



ਜੰਡਿਆਲਾ ਗੁਰੂ 3 ਅਕਤੂਬਰ ( ਕੁਲਵੰਤ ਸਿੰਘ ਵਿਰਦੀ) ਝੋਨੇ ਦੇ ਚੱਲ ਰਹੇ ਸੀਜਨ ਦੌਰਾਨ ਫਸਲ ਦੀ ਖਰੀਦ ਵਿੱਚ ਤੇਜ਼ੀ ਲਿਆਉਣ ਸਬੰਧੀ ਸ਼ੈਲਰ ਮਾਲਕਾਂ ਦੇ ਇੱਕ ਵਫਦ ਵੱਲੋਂ ਕੈਬਨਿਟ ਮੰਤਰੀ ਸ ਕੁਲਦੀਪ ਸਿੰਘ ਧਾਲੀਵਾਲ ਅਤੇ ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈ ਟੀ ਓ ਨਾਲ ਆਪਣੀਆਂ ਮੰਗਾਂ ਅਤੇ ਲੋੜਾਂ ਨੂੰ ਲੈ ਕੇ ਵਿਸਥਾਰ ਵਿੱਚ ਮੀਟਿੰਗ ਕੀਤੀ ਗਈ। ਇਸ ਮੌਕੇ ਸੈਲਰ ਮਾਲਕ ਐਸੋਸੀਏਸ਼ਨ ਵੱਲੋਂ ਜੰਡਿਆਲਾ ਗੁਰੂ ਐਸੋਸੀਏਸ਼ਨ ਤੋਂ ਸ ਸੁਰਜੀਤ ਸਿੰਘ ਕੰਗ, ਸ ਸੁਖਦੇਵ ਸਿੰਘ ਪ੍ਰਧਾਨ ਮਹਿਤਾ, ਸ ਦਿਲਬਾਗ ਸਿੰਘ ਬਾਠ ਤਰਨ ਤਾਰਨ, ਗੁਰਦੇਵ ਸਿੰਘ ਖਾਲਸਾ ਪ੍ਰਧਾਨ ਮੰਡੀ ਰਈਆ, ਬਲਦੇਵ ਸਿੰਘ ਬੱਦੋਵਾਲ ਅਤੇ ਹੋਰ ਨੇਤਾ ਹਾਜ਼ਰ ਸਨ। ਸੈਲਰ ਮਾਲਕਾਂ ਨੇ ਮੀਟਿੰਗ ਮਗਰੋਂ ਗੱਲਬਾਤ ਕਰਦਿਆਂ ਕਿਹਾ ਕਿ ਦੋਵਾਂ ਮੰਤਰੀਆਂ ਨੇ ਸਾਡੀ ਗੱਲਬਾਤ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿੱਤਾ ਕਿ ਤੁਹਾਡੇ ਮਸਲੇ ਮੁੱਖ ਮੰਤਰੀ ਪੰਜਾਬ ਨਾਲ ਵਿਚਾਰ ਕੇ ਉਹਨਾਂ ਦੇ ਸਾਰਥਿਕ ਹੱਲ ਕੀਤੇ ਜਾਣਗੇ, ਜਿਸ ਉਪਰੰਤ ਅਸੀਂ ਵੀ ਆਪਣੀ ਐਸੋਸੀਏਸ਼ਨ ਵੱਲੋਂ ਵਾਅਦਾ ਕੀਤਾ ਹੈ ਕਿ ਝੋਨੇ ਦੀ ਖਰੀਦ ਵਿੱਚ ਤੇਜ਼ੀ ਲਿਆਂਦੀ ਜਾਵੇਗੀ। ਇਸ ਮੌਕੇ ਕੈਬਨਿਟ ਮੰਤਰੀ ਸ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਝੋਨੇ ਦੀ ਖਰੀਦ ਵਿੱਚ ਲੇਬਰ ਯੂਨੀਅਨ ਦੀਆਂ ਮੰਗਾਂ ਦਾ ਮੁੱਦਾ ਵੀ ਹੱਲ ਕਰ ਲਿਆ ਗਿਆ ਹੈ। ਪੰਜਾਬ ਸਰਕਾਰ ਨੇ ਉਹਨਾਂ ਦੀਆਂ ਮੁੱਖ ਮੰਗਾਂ ਮੰਨ ਲਈਆਂ ਹਨ ਅਤੇ ਇਸ ਵੇਲੇ ਝੋਨੇ ਦੀ ਸਾਫ ਸਫਾਈ , ਤੁਲਾਈ ਅਤੇ ਲੋਡਿੰਗ ਦਾ ਰੇਟ ਹਰਿਆਣੇ ਨਾਲੋਂ ਕਰੀਬ 30 ਪੈਸੇ ਵੱਧ ਪ੍ਰਤੀ ਬੋਰੀ ਲੇਬਰ ਨੂੰ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਝੋਨੇ ਦੀ ਆਮਦ ਸ਼ੁਰੂ ਹੋ ਚੁੱਕੀ ਹੈ ਅਤੇ ਖਰੀਦ ਏਜੰਸੀਆਂ ਵੱਲੋਂ ਖਰੀਦ ਵੀ ਕੀਤੀ ਜਾ ਰਹੀ ਹੈ ਅਤੇ ਹੁਣ ਸੈਲਰ ਮਾਲਕਾਂ ਨਾਲ ਹੋਈ ਗੱਲਬਾਤ ਮਗਰੋਂ ਝੋਨੇ ਦੀ ਖਰੀਦ ਵਿੱਚ ਹੋਰ ਤੇਜ਼ੀ ਆਵੇਗੀ। ਸ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਝੋਨੇ ਦੇ ਨਾਲ ਨਾਲ ਵੱਡੀ ਆਮਦ ਬਾਸਮਤੀ ਦੀ ਵੀ ਹੁੰਦੀ ਹੈ ਜੋ ਕਿ ਨਿੱਜੀ ਵਪਾਰੀਆਂ ਅਤੇ ਸ਼ੈਲਰ ਮਾਲਕਾਂ ਵੱਲੋਂ ਖੁਦ ਖਰੀਦੀ ਜਾਂਦੀ ਹੈ । ਉਸ ਦੀ ਖਰੀਦ ਕਾਫੀ ਦਿਨਾਂ ਤੋਂ ਸ਼ੁਰੂ ਹੈ ਅਤੇ ਉਹ ਲੰਮੇ ਸਮੇਂ ਤੱਕ ਮੰਡੀ ਵਿੱਚ ਆਉਂਦੀ ਹੈ। ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦੇਗੀ ਪਰ ਕਿਸਾਨਾਂ ਲਈ ਇਹ ਜਰੂਰੀ ਹੈ ਕਿ ਉਹ ਆਪਣੀ ਸੁੱਕੀ ਹੋਈ ਫਸਲ ਮੰਡੀ ਵਿੱਚ ਲੈ ਕੇ ਆਉਣ ਤਾਂ ਜੋ ਮੰਡੀ ਵਿੱਚ ਉਹਨਾਂ ਨੂੰ ਬੈਠਣਾ ਨਾ ਪਵੇ ਅਤੇ ਫਸਲ ਦੇ ਅੰਬਾਰ ਮੰਡੀ ਵਿੱਚ ਨਾ ਲੱਗਣ । ਉਹਨਾਂ ਨੇ ਕਿਹਾ ਕਿ ਸਾਡੀ ਹਰ ਤਰ੍ਹਾਂ ਨਾਲ ਪੂਰੀ ਤਿਆਰੀ ਹੈ ਅਤੇ ਮੰਡੀਆਂ ਵੀ ਪੂਰੀ ਤਰ੍ਹਾਂ ਤਿਆਰ ਹਨ, ਸੋ ਆਪਣੀ ਸੁੱਕੀ ਫਸਲ ਲੈ ਕੇ ਆਓ, ਤਾਂ ਜੋ ਅਸੀਂ ਤੁਹਾਨੂੰ ਨਾਲੋ ਨਾਲ ਵਿਹਲੇ ਕਰ ਦਈਏ। ਇਸ ਮੌਕੇ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ ਦਲਬੀਰ ਸਿੰਘ ਟੌਂਗ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਹਲਕੇ ਦਾ ਸਰਬਪੱਖੀ ਵਿਕਾਸ ਨੂੰ ਪਹਿਲ ਦੇਵਾਂਗੇ : ਚੇਅਰਮੈਨ ਘੁੱਲੀ

**ਧੂਰੀ ਰਣਜੀਤ ਸਿੰਘ ਪੇਧਨੀ** -ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਦਫਤਰ ਨਵੇਂ ਨਿਯੁੱਕਤ ਕੀਤੇ ਇੰਨਚਾਰਜ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਧੂਰੀ ਦੇ ਸਰਬਪੱਖੀ ਵਿਕਾਸ ਨੂੰ ਪਹਿਲ ਦਿੰਦੇ ਹੋਏ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਤੇਜੀ ਨਾਲ ਕਰਵਾਇਆ ਜਾਵੇਗਾ ਤੇ ਸ਼ਹਿਰ ਤੇ ਪਿੰਡਾ ਦੀਆਂ ਸੜਕਾਂ ਮੰਡੀ ਦੇ ਸੀਜਨ ਸ਼ੁਰੂ ਹੋਣ ਤੋਂ ਪਹਿਲਾਂ ਪਹਿਲਾਂ ਬਣਾ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਪਰ ਕਿਸਾਨ ਮੰਡੀਆ ਵਿੱਚ ਆਉਣ ਤੋਂ ਪਹਿਲਾਂ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਨ। ਉਨ੍ਹਾਂ ਕਿਹਾ ਉਹ ਜਲਦੀ ਧੂਰੀ ਦੇ ਸਾਰੇ ਪਿੰਡਾਂ ਤੇ ਸਹਿਰ ਦੇ ਵਾਰਡਾਂ ਦਾ ਦੋਰਾ ਕਰਨਗੇ ਤਾਂ ਜ਼ੋ ਲੋਕਾਂ ਦੀਆਂ ਸਮੱਸਿਆਂਵਾਂ ਦਾ ਹੱਲ ਜਲਦੀ ਹੋ ਸਕੇ। ਉਨ੍ਹਾਂ ਕਿਹਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਸੁਪਨਾ ਸੀ ਕਿ ਉਸ ਦੇ ਹਲਕੇ ਦੇ ਸਰਕਾਰੀ ਕੰਮਾਂ ਤੋਂ ਸਤੁੰਸ਼ਟ ਹੋਣ ਇਸ ਕੜੀ ਤਹਿਤ ਘਰ ਘਰ ਲੋਕਾਂ ਤੱਕ ਪਹੁੰਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਸਰਕਾਰੀ ਦਫ਼ਤਰਾਂ ਵਿੱਚ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ਲੋਕਾਂ ਦੇ ਕੰਮ ਪਹਿਲ ਦੇ ਆਧਾਰ ਤੇ ਕਰਵਾਏ ਜਾਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

### ਸਰਬ ਦਾ ਭਲਾ ਅਤੇ ਸਾਂਝੀਵਾਲਤਾ ਦੇ ਸੰਕਲਪ ਨੂੰ ਵੇਖਦਿਆਂ

# ਗੈਰ-ਸਿੱਖਾਂ ਨੇ ਵੀ ਸਿੱਖੀ ਨੂੰ ਕੀਤਾ ਧਾਰਨ : ਜਥੇਦਾਰ ਦਾਦੂਵਾਲ




**ਨਿਊਯਾਰਕ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ ਨਿਊਯਾਰਕ ਵਿਖੇ ਇਕੱਤਰ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕੇ ਗੁਰੂ ਨਾਨਕ ਦੇਵ ਸਾਹਿਬ ਵੱਲੋਂ ਆਰੰਭ ਕੀਤੇ ਸਿੱਖ ਧਰਮ ਵਿੱਚ ਸਰਬ ਸਾਂਝੀਵਾਲਤਾ ਸਰਬੱਤ ਦੇ ਭਲੇ ਨੂੰ ਵੇਖਦਿਆਂ ਗੈਰ ਸਿੱਖਾਂ ਨੇ ਵੀ ਗੁਰੂਵਰ ਦੀ ਸਿੱਖੀ ਨੂੰ ਧਾਰਨ ਕਰਕੇ ਸਿੱਖ ਸਜਣਾ ਕੀਤਾ ਤੇ ਬਾਕੀਆਂ ਲਈ ਵੀ ਚਾਨਣ ਮੁਨਾਰਾ ਬਣੇ ਜਥੇਦਾਰ ਚਰਨ ਸਿੰਘ ਪ੍ਰੇਮਪੁਰਾ ਪ੍ਰਧਾਨ ਐਨ ਆਰ ਆਈ ਵਿੰਗ ਯੂਐਸਏ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕੇ ਸਰਦਾਰ ਗੁਰਮੀਤ ਸਿੰਘ ਸਰਪੰਚ ਪ੍ਰੀਵਾਰ ਪ੍ਰੇਮਪੁਰਾ ਵੱਲੋਂ ਜਥੇਦਾਰ ਦਾਦੂਵਾਲ ਜੀ ਦੀ ਅਮਰੀਕਾ ਆਉਣ ਦੀ ਖੁਸ਼ੀ ਵਿੱਚ ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ ਨਿਊਯਾਰਕ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ ਇਸ ਸਮੇਂ ਸੰਗਤਾਂ ਨਾਲ ਗੁਰਮਤ ਵਿਚਾਰਾਂ ਦੀ ਸਾਂਝ ਕਰਦਿਆਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਕਿਹਾ ਕੇ ਸਿੱਖ ਧਰਮ ਸਰਬ ਸਾਂਝੀਵਾਲਤਾ ਅਤੇ ਸਰਬੱਤ ਦੇ ਭਲੇ ਦੀ ਗੱਲ ਕਰਦਾ ਹੈ ਗੁਰੂ ਦੀ ਸਿੱਖੀ ਮਹਾਨ ਹੈ ਜਿਸ ਕਰਕੇ ਗੈਰ ਸਿੱਖਾਂ ਨੇ ਵੀ ਸਿੱਖੀ ਨੂੰ ਧਾਰਨ ਕੀਤਾ ਉਨਾਂ ਨੇ ਮਾਧੋ ਦਾਸ ਵੈਰਾਗੀ, ਇਬਰਾਹੀਮ ਫਕੀਰ,ਸੁਆਮੀ ਰਾਮ ਤੀਰਥ ਦੰਡੀ ਸੰਨਿਆਸੀ,ਔਰੰਗਜ਼ੇਬ ਦੇ ਸੂਹੀਏ ਅਬੂਉਲ ਤਰਾਨੀ ਦਾ ਵਿਸ਼ੇਸ਼ ਤੌਰ ਤੇ ਜ਼ਿਕਰ ਕੀਤਾ ਜਿਸ ਨੂੰ ਸਿੱਖ ਸੰਗਤਾਂ ਨੇ ਬੜੇ ਉਤਸ਼ਾਹ ਨਾਲ ਸਰਵਣ ਕੀਤਾ ਗੁਰੂ ਕਾ ਲੰਗਰ ਅਤੁੱਟ ਵਰਤਿਆ ਅਤੇ ਬੱਚੇ ਬਜ਼ੁਰਗ ਨੌਜਵਾਨ ਮਾਈਆਂ ਭਾਈਆਂ ਨੇ ਵਿਸ਼ੇਸ਼ ਤੌਰ ਤੇ ਸਮੂਲੀਅਤ ਕੀਤੀ ਸਮਾਪਤੀ ਤੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਸੁਖਜਿੰਦਰ ਸਿੰਘ ਸੁਭਾਨਪੁਰ,ਭਾਈ ਦਰਸ਼ਨ ਸਿੰਘ ਮੁੱਖ ਗ੍ਰੰਥੀ,ਜਥੇਦਾਰ ਚਰਨ ਸਿੰਘ ਪ੍ਰੇਮਪੁਰਾ,ਸਰਦਾਰ ਗੁਰਮੀਤ ਸਿੰਘ ਪ੍ਰੇਮਪੁਰਾ,ਬੀਬੀ ਹਰਵਿੰਦਰ ਕੌਰ ਪ੍ਰੇਮਪੁਰਾ,ਐਡਵੋਕੇਟ ਸੁਬੇਗ ਸਿੰਘ ਮੁਲਤਾਨੀ,ਜਰਨਲ ਸਕੱਤਰ ਸਰਦਾਰ ਦਲੇਰ ਸਿੰਘ,ਭਾਈ ਕਸ਼ਮੀਰ ਸਿੰਘ ਮਾਛੀਵਾੜਾ,ਸਰਦਾਰ ਵਰਿੰਦਰ ਸਿੰਘ ਡੈਮੋਕ੍ਰੇਟਿਕ ਪਾਰਟੀ,ਸਰਦਾਰ ਜਰਨੈਲ ਸਿੰਘ ਮੈਂਬਰ ਵੱਲੋਂ ਸਿਰਪਾਉ ਭੇਂਟ ਕਰਕੇ ਸਨਮਾਨਿਤ ਕੀਤਾ

ਆਵਾਜ਼ਿ ਕੌਮ AWAZE QAUM International Newspaper & WEB TV

### *ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਦੇ ਭਰਾਤਾ ਭਾਈ ਭੁਪਿੰਦਰ ਸਿੰਘ ਗੱਦਲੀ ਨੇ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ

# ਨਵੀਂ ਸਿਆਸੀ ਪੰਥਕ ਪਾਰਟੀ ਬਣਾਉਣ ਦੇ ਐਲਾਨ ਦਾ ਕੀਤਾ ਸਵਾਗਤ



**ਅੰਮ੍ਰਿਤਸਰ, 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨ 29 ਸਤੰਬਰ ਨੂੰ ਡਿਗਰੂਗੜ ਜੇਲ੍ਹ ਵਿਖੇ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਜੀ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਅਤੇ ਉਹਨਾਂ ਸਮੁੱਚੀ ਟੀਮ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਨਤਮਸਤਕ ਹੋਣ ਤੋਂ ਬਾਅਦ ਜੋ ਨਵੀਂ ਖੇਤਰੀ ਪਾਰਟੀ ਬਣਾਉਣ ਨੂੰ ਲੈਕੇ ਐਲਾਨ ਕੀਤਾ ਗਿਆ ਹੈ ਉਹ ਬਹੁਤ ਹੀ ਸ਼ਲਾਘਾਯੋਗ ਕਦਮ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕੌਮੀ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਦੇ ਵੱਡੇ ਭਰਾਤਾ ਭਾਈ ਭੁਪਿੰਦਰ ਸਿੰਘ ਗੱਦਲੀ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਖਾਸ ਸਮਰਥੱਕ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਗਏ ਇਕ ਪ੍ਰੈਸ ਨੋਟ ਰਾਂਹੀ ਕੀਤਾ। ਭਾਈ ਭੁਪਿੰਦਰ ਸਿੰਘ ਗੱਦਲੀ ਨੇ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਵਿੱਚਰ ਰਹੀਆਂ ਸਿਆਸੀ ਅਤੇ ਧਾਰਮਿਕ ਜਥੇਬੰਦੀਆਂ ਦੀ ਮਾੜੀ ਕਾਰਗੁਜਾਰੀ ਕਾਰਨ ਲੋਕਾਂ ਵਿਸ਼ਵਾਸ ਟੁੱਟ ਚੁੱਕਿਆ ਹੈ ਅਤੇ ਪੰਜਾਬ ਵਿੱਚ ਇਸ ਸਮੇਂ ਇਕ ਸਿਆਸੀ ਖਲਾਅ ਪੈਦਾ ਹੋ ਚੁੱਕਿਆ ਹੈ ਜਿਸਨੂੰ ਭਰਨਾਂ ਬਹੁਤ ਹੀ ਅਵੱਸ਼ਕ ਹੈ। ਭਾਈ ਗੱਦਲੀ ਨੇ ਕਿਹਾ ਕਿ ਇਸ ਸਿਆਸੀ ਖਾਲੀਪਣ ਦੀ ਜੇਕਰ ਕੋਈ ਪੂਰਤੀ ਕਰ ਸਕਦਾ ਹੈ ਤਾਂ ਇਸ ਵਕਤ ਸਿਰਫ ਤੇ ਸਿਰਫ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਹੀ ਕਰ ਸਕਦੇ ਹਨ। ਇਸ ਕਰਕੇ ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਵੱਲੋਂ ਜੋ ਨਵੀਂ ਖੇਤਰੀ ਪਾਰਟੀ ਬਣਾਕੇ ਪੰਥਕ ਲੋਕ ਲਹਿਰ ਖੜੀ ਕਰਨ ਦਾ ਐਲਾਨ ਕੀਤਾ ਗਿਆ ਹੈ ਉਹ ਸਹੀ ਸਮੇਂ ਤੇ ਕੀਤਾ ਗਿਆ ਬਿਲਕੁਲ ਸਹੀ ਫੈਸਲਾ ਹੈ। ਉਹਨਾਂ ਕਿਹਾ ਕਿ ਜਿਸ ਪ੍ਰਕਾਰ ਭਾਈ ਅੰਮ੍ਰਿਤਪਾਲ ਸਿੰਘ ਜੀ ਨੇ ਪਿਛਲੇ ਸਮੇਂ ਦੌਰਾਨ ਪੰਜਾਬ ਵਿੱਚ ਆਈ ਧਾਰਮਿਕ ਖੜੋਤ ਨੂੰ ਉਭਾਰਿਆ ਹੈ ਉਹ ਬਹੁਤ ਕਾਬਿਲ-ਏ-ਤਾਰੀਫ ਹੈ। ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਸਿੱਖ ਕੌਮ ਨੂੰ ਸੰਬੋਧਨ ਕਰਦਿਆਂ ਕੀਤੀਆਂ ਗੱਲਾਂ ਅਤੇ ਉਸਦੀ ਸਿੱਖੀ ਪ੍ਰਤੀ ਵਿਚਾਰਧਾਰਾ ਨੇ ਦੇਸ਼ ਦੁਨੀਆ ਵਿਚ ਵਸਦੇ ਸਿੱਖ ਨੌਜਵਾਨਾਂ ਦੇ ਮਨਾਂ ਤੇ ਗਹਿਰੀ ਛਾਪ ਛੱਡੀ ਹੈ। ਭਾਈ ਗੱਦਲੀ ਨੇ ਖੁਲਾਸਾ ਕਰਦਿਆਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੇ ਥੋੜੇ ਸਮੇਂ ਦੌਰਾਨ ਹੀ ਆਪਣੀ ਹਾਜਿਰ ਜਵਾਬੀ ਤੇ ਖਾਲਸਾ ਵਹੀਰ ਵਰਗੇ ਪ੍ਰੋਗਰਾਮ ਨਾਲ ਇਕੱਲੇ ਨੌਜਵਾਨਾਂ ਨੂੰ ਹੀ ਨਹੀਂ ਉੱਚ ਦਰਜੇ ਦੇ ਪੜੇ ਲਿਖੇ ਤਬਕੇ ਨੂੰ ਵੀ ਆਪਣਾਂ ਕਾਇਲ ਬਣਾਂ ਲਿਆ ਹੋਇਆ ਹੈ। ਉਹਨਾਂ ਕਿਹਾ ਕਿ ਲੱਗਭੱਗ ਪਿਛਲੇ ਚਾਰ ਦਹਾਕਿਆਂ ਤੋਂ ਕਿਸੇ ਵੀ ਸਿਆਸੀ ਜਾਂ ਧਾਰਮਿਕ ਜਥੇਬੰਦੀ ਨੇ ਸਿੱਖ ਕੌਮ ਦੇ ਹਿੱਤਾਂ ਨੂੰ ਪੂਰੀ ਦੁਨੀਆਂ ਸਾਹਮਣੇਂ ਇੰਨੇ ਜੋਰਦਾਰ ਢੰਗ ਨਾਲ ਨਹੀਂ ਰੱਖਿਆ ਜਿਸ ਤਰਾਂ ਭਾਈ ਅੰਮ੍ਰਿਤਪਾਲ ਸਿੰਘ ਨੇ ਰੱਖਿਆ, ਇਹੋ ਕਾਰਨ ਹੈ ਕਿ ਦੁਨੀਆਂ ਦੀਆਂ ਵੱਡੀਆਂ ਪੰਚਾਇਤਾਂ ਵਿੱਚ ਇਸ ਵਕਤ ਸਿੱਖ ਮੁੱਦਿਆਂ ਨੂੰ ਤਰਜੀਹ ਦਿੱਤੀ ਜਾਣ ਲੱਗ ਪਈ ਤੇ ਇਹੀ ਕਾਰਨ ਸੀ ਕਿ ਉਹ ਜਲਦ ਹੀ ਭਾਰਤੀ ਹਕੂਮਤ ਨੂੰ ਚੁਭਣ ਲੱਗ ਪਿਆ ਅਤੇ ਸਰਕਾਰ ਨੇ ਬਹਾਨਾਂ ਬਣਾਂ ਕੇ ਉਸਤੇ ਅਤੇ ਉਸਦੇ ਸਾਥੀਆਂ ਤੇ ਨਾਜਾਇਜ਼ ਐਨ ਐਸ ਏ ਲਗਾ ਕੇ ਉਹਨਾਂ ਨੂੰ ਡਿਗਰੂਗੜ ਜੇਲ੍ਹ ਅਤੇ ਕੁਝ ਕ' ਨੂੰ ਅੰਮ੍ਰਿਤਸਰ ਜੇਲ੍ਹ ਵਿੱਚ ਬੰਦ ਕਰ ਦਿੱਤਾ ਕਿਉਂਕਿ ਭਾਰਤ ਸਰਕਾਰ ਸਿੱਖ ਕੌਮ ਨੂੰ ਹਮੇਸ਼ਾਂ ਦਬਾ ਕੇ ਰੱਖਦੀ ਆਈ ਹੈ ਅਤੇ ਦਬਾ ਕੇ ਹੀ ਰੱਖਣਾਂ ਚਾਹੁੰਦੀ ਹੈ। ਪ੍ਰੰਤੂ ਅਜਿਹਾ ਹਰਗਿਜ਼ ਨਹੀਂ ਹੋ ਸਕੇਗਾ। ਇਸ ਲਈ ਪੰਜਾਬ ਦੀ ਨੌਜਵਾਨੀ ਨੂੰ ਧਾਰਮਿਕ ਤੇ ਸਿਆਸੀ ਪੱਖ ਤੋਂ ਸਹੀ ਦਿਸ਼ਾ ਵੱਲ ਲੈਕੇ ਜਾਣ ਲਈ ਨਵੀਂ ਖੇਤਰੀ ਪਾਰਟੀ ਹੀ ਬਿਹਤਰ ਹੱਲ ਹੈ ਅਤੇ ਜੇਕਰ ਇਸ ਪਾਰਟੀ ਦੀ ਅਗਵਾਈ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜਾਂ ਉਹਨਾਂ ਦੇ ਸਤਿਕਾਰਯੋਗ ਪਿਤਾ ਬਾਪੂ ਤਰਸੇਮ ਸਿੰਘ ਜੀ ਕਰਦੇ ਹਨ ਤਾਂ ਅਸੀਂ ਕੌਮੀਂ ਨਿਸ਼ਾਨਿਆਂ ਦੀ ਪ੍ਰਾਪਤੀ ਤੱਕ ਉਹਨਾਂ ਦੇ ਮੋਢੇ ਨਾਲ ਮੋਢਾ ਲਾਕੇ ਚੱਲਾਂਗੇ।

> **ਪੰਜਾਬ ਨੂੰ ਸਿਆਸੀ ਤੇ ਧਾਰਮਿਕ ਪੱਖ ਤੋਂ ਸਹੀ ਦਿਸ਼ਾ ਵਿੱਚ ਲੈਕੇ ਜਾਣ ਲਈ ਨਵੀਂ ਖੇਤਰੀ ਪਾਰਟੀ ਹੀ ਬਿਹਤਰ ਹੱਲ : ਭੁਪਿੰਦਰ ਸਿੰਘ ਗੱਦਲੀ**

ਆਵਾਜ਼ਿ ਕੌਮ AWAZE QAUM International Newspaper & WEB TV

# ਵਡਾਲਾ ਜੌਹਲ ਦੇ ਖੇਤਾਂ ਵਿੱਚ ਪਰਾਲੀ ਨੂੰ ਲੱਗੀ ਅੱਗ ਵਧੀਕ ਡਿਪਟੀ ਕਮਿਸ਼ਨਰ ਨੇ ਮੌਕੇ 'ਤੇ ਪੁੱਜ ਕੇ ਬੁਝਾਈ

### ਛੁੱਟੀਆਂ ਦੇ ਬਾਵਜੂਦ ਅਧਿਕਾਰੀ ਵਾਤਾਵਰਣ ਬਚਾਉਣ ਲਈ ਖੇਤਾਂ ਵਿੱਚ ਡਟੇ ਰਹੇ





**ਜੰਡਿਆਲਾ ਗੁਰੂ, 3 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਵੱਲੋਂ ਵਾਤਾਵਰਨ ਬਚਾਉਣ ਲਈ ਝੋਨੇ ਦੀ ਪਰਾਲੀ ਨੂੰ ਅੱਗ ਤੋਂ ਬਚਾਉਣ ਦਾ ਜੋ ਬੀੜਾ ਚੁੱਕਿਆ ਹੋਇਆ ਹੈ , ਉਸ ਵਿੱਚ ਸਾਥ ਦਿੰਦੇ ਹੋਏ ਬੀਤੇ ਦੋ ਦਿਨਾਂ ਤੋਂ ਛੁੱਟੀਆਂ ਦੇ ਬਾਵਜੂਦ ਡਿਪਟੀ ਕਮਿਸ਼ਨਰ ਸਮੇਤ ਸਾਰੇ ਅਧਿਕਾਰੀ ਆਪਣੇ-ਆਪਣੇ ਇਲਾਕੇ ਵਿੱਚ ਖੇਤਾਂ ਉੱਤੇ ਪਹਿਰਾ ਦਿੰਦੇ ਰਹੇ। ਅੱਜ ਵਧੀਕ ਡਿਪਟੀ ਕਮਿਸ਼ਨਰ ਜਨਰਲ ਸ਼੍ਰੀਮਤੀ ਜੋਤੀ ਬਾਲਾ ਅਤੇ ਉਹਨਾਂ ਦੀ ਟੀਮ ਜਿਸ ਵਿੱਚ ਜਿਲਾ ਖੇਤੀਬੜੀ ਅਧਿਕਾਰੀ ਤਜਿੰਦਰ ਸਿੰਘ, ਐਕਸੀਅਨ ਪ੍ਰਦੂਸ਼ਣ ਕੰਟਰੋਲ ਬੋਰਡ ਸੁਖਦੇਵ ਸਿੰਘ ਸ਼ਾਮਿਲ ਸਨ, ਨੇ ਪਿੰਡਾਂ ਦੇ ਦੌਰੇ ਦੌਰਾਨ ਵਡਾਲਾ ਜੌਹਲ ਦੇ ਖੇਤਾਂ ਵਿੱਚੋਂ ਧੂੰਆਂ ਨਿਕਲਦਾ ਵੇਖਿਆ ਤਾਂ ਉਹ ਗੱਡੀਆਂ ਲੈ ਕੇ ਮੌਕੇ ਉੱਤੇ ਪਹੁੰਚੇ। ਜਿੱਥੇ ਇੱਕ ਕਿਸਾਨ ਨੇ ਪਰਾਲੀ ਨੂੰ ਅੱਗ ਲਗਾਈ ਹੋਈ ਸੀ। ਉਨਾਂ ਤੁਰੰਤ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਮੌਕੇ ਤੇ ਬੁਲਾ ਕੇ ਅੱਗ ਬੁਝਾਈ ਅਤੇ ਕਿਸਾਨ ਦੇ ਹੀ ਟਰੈਕਟਰਾਂ ਨਾਲ ਅੱਗ ਉੱਤੇ ਕਾਬੂ ਪਾਇਆ ।ਇਸੇ ਦੌਰਾਨ ਬਾਬਾ ਬਕਾਲਾ ਸਾਹਿਬ ਦੇ ਐਸਡੀਐਮ ਸ੍ਰੀ ਅਮਨਪ੍ਰੀਤ ਸਿੰਘ ਨੇ ਆਪਣੇ ਇਲਾਕੇ ਵਿੱਚ ਲੱਗੀ ਅੱਗ ਨੂੰ ਮੌਕੇ ਉੱਤੇ ਪਹੁੰਚ ਕੇ ਬੁਝਾਉਣ ਵਿੱਚ ਸਫਲਤਾ ਪ੍ਰਾਪਤ ਕੀਤੀ। ਇਹ ਇੱਕ ਜਾਂ ਦੋ ਵਾਕਿਆ ਹੀ ਨਹੀਂ ਬਲਕਿ ਕਈ ਥਾਵਾਂ ਉੱਤੇ ਅਧਿਕਾਰੀ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਸਮਝਾਉਂਦੇ, ਅੱਗ ਉੱਤੇ ਕਾਬੂ ਪਾਉਂਦੇ ਅਤੇ ਬੇਲਰ ਨਾਲ ਪਰਾਲੀ ਨੂੰ ਸਾਂਭਣ ਦੀਆਂ ਡਿਊਟੀਆਂ ਕਰਦੇ ਵੇਖੇ ਗਏ। ਜ਼ਿਲਾ ਖੇਤੀਬਾੜੀ ਅਧਿਕਾਰੀ ਤਜਿੰਦਰ ਸਿੰਘ ਨੇ ਦੱਸਿਆ ਕਿ ਅਜੇ ਝੋਨੇ ਦੀਆਂ ਅਗੇਤੀਆਂ ਪੱਕਣ ਵਾਲੀਆਂ ਕਿਸਮਾਂ ਦੀ ਹੀ ਕਟਾਈ ਕੀਤੀ ਜਾ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਝੋਨੇ ਦੀ ਕਟਾਈ ਪੂਰੇ ਜੋਬਨ ਉੱਤੇ ਹੋਵੇਗੀ, ਜਿਸ ਦੌਰਾਨ ਸਾਨੂੰ ਸਾਰਿਆਂ ਨੂੰ ਹੋਰ ਮੁਸ਼ਤੈਦੀ ਨਾਲ ਇਸ ਫਰਜ ਉੱਤੇ ਪਹਿਰਾ ਦੇਣਾ ਪਵੇਗਾ। ਐਕਸੀਅਨ ਸੁਖਦੇਵ ਸਿੰਘ ਨੇ ਦੱਸਿਆ ਕਿ ਪਿਛਲੇ ਸਾਲ ਨਾਲੋਂ ਇਸ ਸਾਲ ਅਸੀਂ ਮੁਕਾਬਲਤਨ ਬਹੁਤ ਵਧੀਆ ਸਥਿਤੀ ਵਿੱਚ ਹਾਂ ਅਤੇ ਜੇਕਰ ਸਾਰੇ ਅਧਿਕਾਰੀ ਤੇ ਕਰਮਚਾਰੀ ਇਸੇ ਤਰ੍ਹਾਂ ਆਪਣੀ ਡਿਊਟੀ ਉੱਤੇ ਪਹਿਰਾ ਦਿੰਦੇ ਰਹੇ ਤਾਂ ਅਸੀਂ ਵਾਤਾਵਰਨ ਨੂੰ ਬਚਾਉਣ ਵਿੱਚ ਵੱਡਾ ਯੋਗਦਾਨ ਪਾਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਅੰਤਰਰਾਸ਼ਟਰੀ ਧਾਰਮਿਕ ਆਜ਼ਾਦੀ ਦੀਆਂ ਸਥਿਤੀਆਂ 'ਤੇ ਜਾਰੀ ਹੋਈ ਰਿਪੋਰਟ ਵਿਚ ਭਾਰਤ ਨੂੰ "ਵਿਸ਼ੇਸ਼ ਚਿੰਤਾ ਦਾ ਦੇਸ਼" ਨਾਮਜਦ ਕਰਣ ਦੀ ਸਿਫਾਰਿਸ਼: ਸੰਯੁਕਤ ਰਾਜ ਕਮਿਸ਼ਨ

ਨਵੀਂ ਦਿੱਲੀ 3 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਅੰਤਰਰਾਸ਼ਟਰੀ ਧਾਰਮਿਕ ਆਜ਼ਾਦੀ ਬਾਰੇ ਸੰਯੁਕਤ ਰਾਜ ਕਮਿਸ਼ਨ ਨੇ ਬੀਤੇ ਦਿਨ ਹੇਠ ਲਿਖੀ ਰਿਪੋਰਟ ਜਾਰੀ ਕੀਤੀ ਕਿ "ਇੰਡੀਆ ਕੰਟਰੀ ਅਪਡੇਟ" ਇਹ ਰਿਪੋਰਟ ਉਜਾਗਰ ਕਰਦੀ ਹੈ ਕਿ ਭਾਰਤ ਦੇਸ਼ ਵਿਚ ਕਿਵੇਂ 2024 ਦੌਰਾਨ, ਚੌਕਸੀ ਸਮੂਹਾਂ ਦੁਆਰਾ ਵਿਅਕਤੀਆਂ ਨੂੰ ਮਾਰਿਆ ਗਿਆ, ਕੁੱਟਿਆ ਗਿਆ, ਅਤੇ ਕੁੱਟਮਾਰ ਕੀਤੀ ਗਈ, ਧਾਰਮਿਕ ਨੇਤਾਵਾਂ ਨੂੰ ਮਨਮਾਨੇ ਢੰਗ ਨਾਲ ਗ੍ਰਿਫਤਾਰ ਕੀਤਾ ਗਿਆ, ਘਰਾਂ ਅਤੇ ਪੂਜਾ ਸਥਾਨਾਂ ਨੂੰ ਢਾਹਿਆ ਗਿਆ। ਇਹ ਘਟਨਾਵਾਂ ਧਾਰਮਿਕ ਆਜ਼ਾਦੀ ਦੀ ਖਾਸ ਤੌਰ 'ਤੇ ਗੰਭੀਰ ਉਲੰਘਣਾ ਕਰਦੀਆਂ ਹਨ। ਇਹ ਸਰਕਾਰੀ ਅਧਿਕਾਰੀਆਂ ਦੁਆਰਾ ਧਾਰਮਿਕ ਘੱਟ ਗਿਣਤੀਆਂ ਅਤੇ ਉਨ੍ਹਾਂ ਦੇ ਪੂਜਾ ਸਥਾਨਾਂ ਵਿਰੁੱਧ ਹਿੰਸਕ ਹਮਲਿਆਂ ਨੂੰ ਭੜਕਾਉਣ ਲਈ ਨਫ਼ਰਤ ਭਰੇ ਭਾਸ਼ਣ ਸਮੇਤ ਗਲਤ ਜਾਣਕਾਰੀ ਅਤੇ ਗਲਤ ਜਾਣਕਾਰੀ ਦੀ ਵਰਤੋਂ ਦਾ ਵਰਣਨ ਕਰਦਾ ਹੈ। ਇਹ ਨਾਗਰਿਕਤਾ ਸੋਧ ਕਾਨੂੰਨ (ਸੀਏਏ), ਇੱਕ ਯੂਨੀਫਾਰਮ ਸਿਵਲ ਕੋਡ (ਯੂਸੀਸੀ), ਕਈ ਰਾਜ-ਪੱਧਰ ਦੇ ਧਰਮ-ਪਰਿਵਰਤਨ ਵਿਰੋਧੀ, ਗਊ ਹੱਤਿਆ ਕਾਨੂੰਨਾਂ ਸਮੇਤ ਧਾਰਮਿਕ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾਉਣ ਅਤੇ ਉਨ੍ਹਾਂ ਦੇ ਹੱਕ ਤੋਂ ਵਾਂਝੇ ਕਰਨ ਲਈ ਭਾਰਤ ਦੇ ਕਾਨੂੰਨੀ ਢਾਂਚੇ ਵਿੱਚ ਤਬਦੀਲੀਆਂ ਲਾਗੂ ਕਰਨ ਦਾ ਵਰਣਨ ਕਰਦਾ ਹੈ।

ਆਪਣੀ 2024 ਦੀ ਸਲਾਨਾ ਰਿਪੋਰਟ ਵਿੱਚ , ਯੂਐਸਸੀਆਈਆਰਐਫ ਨੇ ਸਿਫ਼ਾਰਿਸ਼ ਕੀਤੀ ਕਿ ਯੂਐਸ ਡਿਪਾਰਟਮੈਂਟ ਆਫ਼ ਸਟੇਟ ਭਾਰਤ ਨੂੰ "ਵਿਸ਼ੇਸ਼ ਚਿੰਤਾ ਦਾ ਦੇਸ਼" ਜਾਂ ਸੀਪੀਸੀ, ਜਾਂ ਧਾਰਮਿਕ ਆਜ਼ਾਦੀ ਦੀ ਯੋਜਨਾਬੱਧ, ਚੱਲ ਰਹੀ ਅਤੇ ਗੰਭੀਰ ਉਲੰਘਣਾਵਾਂ ਵਿੱਚ ਸ਼ਾਮਲ ਹੋਣ ਦੇ ਰੂਪ ਵਿੱਚ ਨਾਮਜ਼ਦ ਕਰੇ। ਯੂਐਸ ਕਮਿਸ਼ਨ ਆਨ ਇੰਟਰਨੈਸ਼ਨਲ ਰਿਲੀਜੀਅਸ ਫ੍ਰੀਡਮ (ਯੂਐਸਸੀਆਈਆਰਐਫ) ਇੱਕ ਸੁਤੰਤਰ, ਦੋ-ਪੱਖੀ ਸੰਘੀ ਸਰਕਾਰ ਦੀ ਇਕਾਈ ਹੈ ਜੋ ਅਮਰੀਕੀ ਕਾਂਗਰਸ ਦੁਆਰਾ ਵਿਦੇਸ਼ਾਂ ਵਿੱਚ ਧਾਰਮਿਕ ਆਜ਼ਾਦੀ ਦੀ ਨਿਗਰਾਨੀ, ਵਿਸ਼ਲੇਸ਼ਣ ਅਤੇ ਰਿਪੋਰਟ ਕਰਨ ਲਈ ਸਥਾਪਿਤ ਕੀਤੀ ਗਈ ਹੈ। ਯੂਐਸਸੀਆਈਆਰਐਫ ਵਿਦੇਸ਼ ਨੀਤੀ ਦੀਆਂ ਸਿਫ਼ਾਰਿਸ਼ਾਂ ਰਾਸ਼ਟਰਪਤੀ, ਰਾਜ ਦੇ ਸਕੱਤਰ ਅਤੇ ਕਾਂਗਰਸ ਨੂੰ ਧਾਰਮਿਕ ਅਤਿਆਚਾਰ ਨੂੰ ਰੋਕਣ ਅਤੇ ਧਰਮ ਜਾਂ ਵਿਸ਼ਵਾਸ ਦੀ ਆਜ਼ਾਦੀ ਨੂੰ ਉਤਸ਼ਾਹਿਤ ਕਰਨ ਲਈ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਡਿਪਟੀ ਕਮਿਸ਼ਨਰ ਪਰਾਲੀ ਪ੍ਰਬੰਧਨ ਲਈ ਮੁੜ ਖੇਤਾਂ ਵਿੱਚ ਪੁੱਜੇ

# ਡਿਪਟੀ ਕਮਿਸ਼ਨਰ ਵੱਲੋਂ ਅਚਨਚੇਤ ਜਾਂਚ ਦੌਰਾਨ ਕਿਸਾਨਾਂ ਨਾਲ ਖੁੱਲੀ ਗੱਲਬਾਤ



**ਚੌਕ ਮਹਿਤਾ, 3 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਜ਼ਿਲ੍ਹੇ ਦੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਸਮੇਂ ਸਿਰ ਮਸ਼ੀਨਰੀ ਉਪਲਬਧ ਕਰਵਾਉਣ, ਪਰਾਲੀ ਦੀ ਅੱਗ ਉੱਤੇ ਕਾਬੂ ਪਾਉਣ ਵਾਲੀਆਂ ਟੀਮਾਂ ਦੀ ਜਾਂਚ ਕਰਨ ਅਤੇ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਡਿਪਟੀ ਕਮਿਸ਼ਨਰ ਸ਼੍ਰੀਮਤੀ ਸਾਕਸ਼ੀ ਸਾਹਨੀ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਖੇਤਾਂ ਵਿੱਚ ਉਤਰਿਆ ਹੋਇਆ ਹੈ।

ਡਿਪਟੀ ਕਮਿਸ਼ਨਰ ਨੇ ਅੱਜ ਪਿਛਲੇ ਸਾਲ ਹਾਟ ਸਪਾਟ ਰਹੇ ਭਾਵ ਜਿੱਥੇ ਵੱਧ ਪਰਾਲੀ ਨੂੰ ਅੱਗ ਲੱਗੀ ਸੀ, ਪਿੰਡ ਅਕਾਲਗੜ੍ਹ, ਭੀਲੋਵਾਲ, ਉਦੋਕੇ ਕਲਾਂ, ਭੋਏਵਾਲ ਅਤੇ ਛਾਪਾ ਰਾਮ ਸਿੰਘ ਦਾ ਦੌਰਾ ਕੀਤਾ। ਉਹਨਾਂ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਰਾਲੀ ਪ੍ਰਬੰਧਨ ਕਰਨ ਲਈ ਕਿਸਾਨਾਂ ਨੂੰ ਇੰਨ ਸੀਟੂ ਤੇ ਐਕਸ ਸੀਟੂ ਲਈ ਬੇਲਰ, ਚੋਪਰ, ਸੁਪਰ ਸੀਡਰ ਤੇ ਸਰਫੇਸ ਸੀਡਰ ਵਰਗੀ ਜਿਹੜੀ ਵੀ ਮਸ਼ੀਨਰੀ ਦੀ ਜ਼ਰੂਰਤ ਹੋਵੇਗੀ ਉਹ ਮੁਹੱਈਆ ਕਰਵਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਪਰਾਲੀ ਤੇ ਹੋਰ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਤ ਕਰਨ ਵਾਸਤੇ ਖੇਤਾਂ ਵਿੱਚ ਪੁੱਜਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸਾਰੇ ਐਸ.ਡੀ.ਐਮਜ਼ ਤੇ ਖੇਤੀਬਾੜੀ, ਮਾਲ, ਪੰਚਾਇਤ ਵਿਭਾਗ, ਪੰਜਾਬ ਫਾਇਰ ਸਰਵਿਸ ਤੇ ਸਹਿਕਾਰੀ ਸਭਾਵਾਂ ਦੇ ਅਧਿਕਾਰੀ ਖੇਤਾਂ ਵਿੱਚ ਜਾ ਕੇ ਕਿਸਾਨਾਂ ਨਾਲ ਗੱਲਬਾਤ ਕਰ ਰਹੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਡੀ.ਐਸ.ਪੀ. ਸ: ਰਵਿੰਦਰ ਸਿੰਘ, ਖੇਤੀਬਾੜੀ ਅਧਿਕਾਰੀ ਤਜਿੰਦਰ ਸਿੰਘ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

### ਬੇਲਰ ਨਾਲ ਗੰਢਾਂ ਬਣਾਉਦੇ ਕਿਸਾਨ ਦੀ ਕੀਤੀ ਹੌਸਲਾ ਅ.ਫਜ਼ਾਈ

ਪਿੰਡਾਂ ਦਾ ਦੌਰਾ ਕਰਦਿਆਂ ਡਿਪਟੀ ਕਮਿਸ਼ਨਰ ਨੇ ਬੇਲਰ ਨਾਲ ਗੰਢਾਂ ਬਣਾ ਰਹੇ ਕਿਸਾਨ ਨਾਲ ਖੇਤ ’ਚ ਜਾ ਕੇ ਗੱਲਬਾਤ ਕੀਤੀ ਅਤੇ ਕਿਸਾਨ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਉਨ੍ਹਾਂ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਭਾਵੁਕ ਅਪੀਲ ਕਰਦਿਆਂ ਕਿਹਾ ਕਿ ਇਸ ਨਾਲ ਹੁੰਦੇ ਵਾਤਾਵਰਣ ਪ੍ਰਦੂਸ਼ਣ ਨਾਲ ਬੱਚਿਆਂ ਤੇ ਬਜ਼ੁਰਗਾਂ ਸਮੇਤ ਖੇਤਾਂ ਵਿੱਚ ਕੰਮ ਕਰਦੇ ਕਿਸਾਨਾਂ ਦੀ ਸਿਹਤ ’ਤੇ ਵੀ ਮਾੜਾ ਅਸਰ ਪੈਦਾ ਹੈ, ਜਮੀਨ ਦੀ ਉਪਜਾਊ ਸ਼ਕਤੀ ਕਮਜ਼ੋਰ ਹੁੰਦੀ ਹੈ ਤੇ ਰਸਾਇਣਿਕ ਖਾਦਾਂ ਉੱਤੇ ਅੰਦਰ ਭਰਤਾ ਵੱਧਦੀ ਹੈ। ਜਿਸ ਨਾਲ ਖੇਤੀ ਖਰਚੇ ਲੋੜ ਤੋਂ ਵੱਧ ਹੁੰਦੇ ਹਨ ਜੋ ਕਿ ਕਿਸਾਨਾਂ ਲਈ ਘਾਟੇ ਦਾ ਸੌਦਾ ਬਣਦੇ ਹਨ।

### ‘ਖੇਡਾਂ ਵਤਨ ਪੰਜਾਬ ਦੀਆਂ ਹਾਕੀ ਟੂਰਨਾਮੈਂਟ’ ਵਿੱਚ


# ਖਾਲਸਾ ਕਾਲਜ ਮਹਿਤਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ



**ਚੌਕ ਮਹਿਤਾ, 3 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਦੇ ਵਿਦਿਆਰਥੀਆਂ ਨੇ ’ਖੇਡਾਂ ਵਤਨ ਪੰਜਾਬ ਦੀਆਂ ਹਾਕੀ ਟੂਰਨਾਮੈਂਟ’ ਵਿੱਚ ਭਾਗ ਲਿਆ ਜੋ ਕਿ ਅੰਮ੍ਰਿਤਸਰ ਵਿੱਚ ਕਰਵਾਇਆ ਗਿਆ। ਜਿਸ ਵਿੱਚ 21 ਤੋਂ 30 ਸਾਲ ਦੀ ਉਮਰ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਟੂਰਨਾਮੈਂਟ ਵਿੱਚ ਖਾਲਸਾ ਕਾਲਜ ਮਹਿਤਾ ਦੇ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਪ੍ਰਦਰਸ਼ਨ ਕੀਤਾ ਅਤੇ ਪਹਿਲਾ ਦਰਜਾ ਹਾਸਲ ਕਰਕੇ ਆਪਣੀ ਇਸ ਸੰਸਥਾ ਦਾ ਨਾਮ ਰੌਸ਼ਨ ਕੀਤਾ। ਖੇਡਾਂ ਵਤਨ ਪੰਜਾਬ ਦੀਆਂ ਹਾਕੀ ਟੂਰਨਾਮੈਂਟ ਅੰਮ੍ਰਿਤਸਰ ਵਿਖੇ ਜ਼ਿਲ੍ਹਾ ਪੱਧਰ ਤੇ ਕਰਵਾਇਆ ਗਿਆ ਸੀ ਤੇ ਹੁਣ ਇਹ ਹਾਕੀ ਟੂਰਨਾਮੈਂਟ ਰਾਜ ਪੱਧਰ ’ਤੇ ਬਠਿੰਡਾ ਵਿਖੇ ਕਰਵਾਇਆ ਜਾਵੇਗਾ, ਜਿਸ ਵਿੱਚ ਇਸ ਸੰਸਥਾ ਤੇ ਅੱਠ ਵਿਦਿਆਰਥੀ ਹਿੱਸਾ ਲੈਣਗੇ। ਇਸ ਤੋਂ ਇਲਾਵਾ ਇਹਨਾਂ ਵਿਦਿਆਰਥੀਆਂ ਨੂੰ ਟਰਾਫੀ ਅਤੇ ਤਗਮੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਸ. ਗੁਰਦੀਪ ਸਿੰਘ ਜਲਾਲ ਉਸਮਾਂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਹੋਇਆਂ ਕਿਹਾ ਕਿ ਸਾਡੀ ਰਾਸ਼ਟਰੀ ਖੇਡ ਹਾਕੀ ਹੈ। ਇਸ ਦਾ ਮਾਣ ਵਧਾਉਣ ਦੇ ਲਈ ਵੱਧ ਤੋਂ ਵੱਧ ਹਾਕੀ ਦੇ ਟੂਰਨਾਮੈਂਟ ਕਰਵਾਉਣੇ ਚਾਹੀਦੇ ਹਨ ਅਤੇ ਵਿਦਿਆਰਥੀਆਂ ਨੂੰ ਇਸ ਵਿੱਚ ਹਿੱਸਾ ਲੈਣ ਦੇ ਲਈ ਪ੍ਰੇਰਿਤ ਕਰਦੇ ਰਹਿਣਾ ਚਾਹੀਦਾ ਹੈ। ਖਾਲਸਾ ਕਾਲਜ ਮਹਿਤਾ ਦੀ ਗਰਾਊਂਡ ਨੇ ਬਹੁਤ ਸਾਰੇ ਖਿਡਾਰੀ ਪੈਦਾ ਕੀਤੇ ਹਨ ਅਤੇ ਇਹਨਾਂ ਖਿਡਾਰੀਆਂ ਨੇ ਸਾਡੀ ਸੰਸਥਾ ਦਾ ਨਾਮ ਸੰਸਾਰ ਪੱਧਰ ਤੇ ਰੌਸ਼ਨ ਕੀਤਾ ਹੈ। ਇਹਨਾਂ ਵਿਦਿਆਰਥੀਆਂ ਵੱਲ ਵੇਖ ਕੇ ਸਮੂਹ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਰੁਚੀ ਦਿਖਾਉਣੀ ਚਾਹੀਦੀ ਹੈ ਤੇ ਵਿਦਿਆਰਥੀਆਂ ਦਾ ਰੁਝਾਨ ਨਸ਼ਿਆਂ ਵੱਲੋਂ ਮੋੜ ਕੇ ਖੇਡਾਂ ਵੱਲ ਜਿਆਦਾ ਹੋਣਾ ਚਾਹੀਦਾ ਹੈ। ਇਸ ਮੌਕੇ ਉਹਨਾਂ ਨੇ ਵਿਸ਼ੇਸ਼ ਤੌਰ ਤੇ ਹਾਕੀ ਕੋਚ ਬਲਜਿੰਦਰ ਸਿੰਘ ਅਤੇ ਮਨਮੀਤ ਸਿੰਘ ਦਾ ਧੰਨਵਾਦ ਕੀਤਾ ਜਿਨਾਂ ਦੀ ਬਦੌਲਤ ਅੱਜ ਇਹ ਵਿਦਿਆਰਥੀਆਂ ਨੇ ਬੁਲੰਦੀਆਂ ਹਾਸਲ ਕੀਤੀਆਂ ਹਨ। ਇਸ ਮੌਕੇ ਤੇ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ , ਸਰਦਾਰ ਹਰਸ਼ਦੀਪ ਸਿੰਘ ਰੰਧਾਵਾ (ਡਾਇਰੈਕਟਰ ਦਸ਼ਮੇਸ਼ ਵਿਦਿਅਕ ਸੰਸਥਾਵਾਂ, ਮੈਂਬਰ ਆਫ ਚੀਫ ਖਾਲਸਾ ਦੀਵਾਨ),ਬਲਜਿੰਦਰ ਸਿੰਘ ,ਮਨਮੀਤ ਸਿੰਘ, ਸੁਖਦੇਵ ਸਿੰਘ, ਕੁਲਦੀਪ ਕੌਰ, ਕਾਬਲ ਸਿੰਘ ਅਤੇ ਸਮੂਹ ਅਧਿਆਪਕ ਸਾਹਿਬਾਨਾਂ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਫਿਲਮ “ਡਾਰਕਨੈੱਸ ਟੂ ਲਾਈਟ” ਅਤਿਅੰਤ ਸਲਾਹੁਣਯੋਗ- ਸ਼ਮਸ਼ੀਲ ਸਿੰਘ ਸੋਢੀ

**ਚੌਕ ਮਹਿਤਾ, 3 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਸਮਾਂ ਕੱਢ ਕੱਢ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਨਿਵਾਸੀ ਅਤੇ ਵੱਡੇ ਬਾਈ ਸਮਾਜ ਸੇਵਕ, ਪੱਤਰਕਾਰ, ਲੇਖਕ, ਨਿਰਮਾਤਾ ਸ਼੍ਰੀਮਾਨ ਨਰਿੰਦਰ ਰਾਏ ਜੀ ਦੀ ਲਿਖੀ ਅਤੇ ਸ਼੍ਰੀਮਾਨ ਅਸ਼ਵਨੀ ਆਹੂਜਾ ਦੀ ਨਿਰਦੇਸ਼ਿਤ ਕੀਤੀ ਫਿਲਮ “ਡਾਰਕਨੈੱਸ ਟੂ ਲਾਈਟ” ਦੇਖੀ। ਵਰਣਨਯੋਗ ਹੈ ਕਿ ਇਹ ਫਿਲਮ ਪਹਿਲਾਂ ਪੰਜ ਮਸ਼ਹੂਰ ਓਟੀਟੀ ਪਲੇਟਫਾਰਮਜ ਜਿਵੇਂ ਐੱਮ ਐੱਸ ਪਲੇਅਰ, ਹੰਗਾਮਾਂ ਪਲੇਅ, ਏਅਰਟੈੱਲ ਐਕਸਟ੍ਰੀਮ ਤੇ ਵੋਡਾਫੋਨ ਲਾਈਵ ਆਦਿ ਤੇ ਰਿਲੀਜ਼ ਹੋ ਕੈ ਕਾਫ਼ੀ ਨਾਮਣਾ ਖੱਟ ਚੁੱਕੀ ਹੈ। ਕੁਝ ਦਿਨ ਪਹਿਲਾਂ ਹੀ ਇਹ ਫਿਲਮ “ਰਾਏ ਮੂਵੀਜ” ਦੇ ਯੂ ਟਿਊਬ ਚੈਨਲ ਉੱਪਰ ਰਿਲੀਜ਼ ਕੀਤੀ ਗਈ। ਇਹ ਫਿਲਮ ਜਦੋਂ ਮੈਂ ਵੇਖਣੀ ਸ਼ੁਰੂ ਕੀਤੀ ਤਾਂ ਲੱਗਿਆ ਹੀ ਨਹੀਂ ਕਿ ਇਹ ਵੈੱਬਸੀਰੀਜ਼ ਪਹਿਲਾਂ ਓਟੀਟੀ ਪਲੇਟਫਾਰਮਜ ਉੱਪਰ ਪੰਜ ਐਪੀਸੋਡਾਂ ਵਿੱਚ ਰਿਲੀਜ਼ ਕੀਤੀ ਗਈ ਸੀ, ਜਿਸ ਨੂੰ ਹੁਣ ਕੁੱਝ ਤਬਦੀਲੀਆਂ ਉਪਰੰਤ ਵੱਡੇ ਬਾਈ ਨਰਿੰਦਰ ਰਾਏ ਵੱਲੋਂ ਫਿਲਮ ਦੇ ਰੂਪ ਵਿੱਚ ਯੂ ਟਿਊਬ ਦੇ “ਰਾਏ ਮੂਵੀਜ਼” ਚੈਨਲ ’ਤੇ ਪੇਸ਼ ਕੀਤਾ ਹੈ। ਇਸ ਨੂੰ ਵੇਖਦਿਆਂ ਲੱਗਾ ਹੀ ਨਹੀਂ ਕਿ ਫਿਲਮ ਦੇਖ ਰਿਹਾ ਹਾਂ, ਸਗੋਂ ਇੰਝ ਮਹਿਸੂਸ ਹੋਇਆ ਜਿਵੇਂ ਵਹਿਮਾਂ ਭਰਮਾਂ ਦੇ ਹਨੇਰੇ ਵਿੱਚੋਂ ਬਾਹਰ ਨਿੱਕਲਣ ਦਾ ਰਾਹ ਦਰਸਾਉਣ ਵਾਲਾ ਚਾਨਣ ਆਪਣੀਆਂ ਕਿਰਨਾਂ ਦੇ ਪ੍ਰਕਾਸ਼ ਨਾਲ ਮੈਨੂੰ ਵੀ ਲਬਰੇਜ਼ ਰਾਹੀਂ ਕਰੀ ਜਾ ਰਿਹਾ ਹੈ। ਡਲਹੌਜ਼ੀ ਅਤੇ ਪੰਜਾਬ ਦੇ ਵੱਖ- ਵੱਖ ਇਲਾਕਿਆਂ ਵਿੱਚ ਸ਼ੂਟ ਕੀਤੀ ਫਿਲਮ ਦਾ ਹਰ ਸੀਨ ਬੜਾ ਹੀ ਖ਼ੂਬਸੂਰਤੀ ਬਿਖੇਰਦਾ ਨਜ਼ਰ ਆਇਆ। ਜਿਸ ਤਰੀਕੇ ਨਾਲ਼ ਇਸ ਦਾ ਫਿਲਮਾਂਕਣ ਦਰਸਾਉਂਦੀ ਕਹਾਣੀ ਲਿਖੀ ਗਈ ਹੈ ਅਤੇ ਨਿਰਦੇਸ਼ਨ ਕੀਤਾ ਗਿਆ ਹੈ, ਜੇਕਰ ਕਹਾਂ ਕਿ ਬਕਮਾਲ ਹੈ, ਤਾਂ ਕੋਈ ਝੂਠ ਨਹੀਂ ਹੈ। ਵੱਡੇ ਬਾਈ ਨਰਿੰਦਰ ਰਾਏ ਪਿਛਲੇ ਡੇਢ ਦਹਾਕੇ ਤੋਂ ਵੱਧ ਸਮੇਂ ਤੋਂ ਸਮਾਜ ਵਿੱਚ ਫੈਲੇ ਵਹਿਮਾਂ-ਭਰਮਾਂ, ਪੈਰਾਨਾਰਮਲ/ ਸੁਪਰਨੈਚੁਰਲ ਮਿਸਹੈਪਸ ਘਟਨਾਵਾਂ ਦਾ ਬਾਖੂਬੀ ਹੱਲ ਕਰਦੇ ਆ ਰਹੇ ਨੇ। ਬੇਸ਼ੱਕ ਇਸ ਫਿਲਮ ਵਿੱਚ ਕਿਰਦਾਰ ਨਿਭਾਉਣ ਵਾਲੇ ਚਿਹਰੇ ਨਵੇਂ ਨੇਂ, ਪਰ ਨਵਿਆਂ ਚਿਹਰਿਆਂ ਦੀ ਪੇਸ਼ਕਾਰੀ ਲਈ ਸ਼ਬਦ ਨਹੀਂ ਨੇਂ। ਹਰ ਸਤਿਕਾਰਯੋਗ ਕਲਾਕਾਰ ਨੇ ਆਵਦੀ ਪੇਸ਼ਕਾਰੀ ਪੇਸ਼ ਕਰਦਿਆਂ ਕਿਸੇ ਪ੍ਰਕਾਰ ਦੀ ਕਮੀਂ ਨਹੀਂ ਛੱਡੀ ਅਤੇ ਨਾ ਹੀ ਇਸ ਫਿਲਮ ਦੇ ਫ਼ਿਲਮਾਂਕਣ ਸਮੇਂ ਇਸ ਫਿਲਮ ਦਾ ਨਿਰਮਾਣ ਕਰਨ ਵਾਲੀ ਸਮੁੱਚੀ ਟੀਮ ਵੱਲੋਂ ਸਮਾਜ ਨੂੰ ਇੱਕ ਚੰਗਾ ਸੁਨੇਹਾ ਦੇਣ ਦੀ ਕੋਈ ਕਸਰ ਬਾਕੀ ਨਹੀਂ ਛੱਡੀ ਹੈ। ਇਸ ਲਿਖਣ ਨੂੰ ਲਿਖਣ ਅਤੇ ਫ਼ਿਲਮਾਉਣ ਲਈ ਸਮੁੱਚੀ ਟੀਮ ਵਿੱਚ ਸ਼ਾਮਿਲ ਸ੍ਰੀਮਾਨ ਨਰਿੰਦਰ ਰਾਏ, ਸ ਗੁਰਪਾਲ ਸਿੰਘ ਰਾਏ, ਡਾ ਸੁਖਜਿੰਦਰ ਰਾਏ, ਡਾ ਨਵਪ੍ਰੀਤ ਸਿੰਘ, ਸ੍ਰੀਮਾਨ ਅਨਿਲ ਦੱਤਾ, ਸ਼੍ਰੀ ਅਮਿਤ ਮਲਿਕ ਜੀ ਅਤੇ ਇਸ ਵੈੱਬਸੀਰੀਜ਼ ਨਾਲ਼ ਸਬੰਧਿਤ ਹਰ ਸਤਿਕਾਰਯੋਗ ਕਲਾਕਾਰ, ਫਿਲਮਕਾਰ ਆਦਿ ਵਧਾਈ ਦਾ ਪਾਤਰ ਹੈ। ਸੋ ਅੰਤ ਵਿੱਚ ਸਭ ਨੂੰ ਸਤਿਕਾਰ ਸਹਿਤ ਮੁਬਾਰਕਬਾਦ ਜੀ।






# ਪਿੰਡ ਤਾਰਾਗੜ੍ਹ ਚ ਸਰਪੰਚੀ ਦੀ ਉਮੀਦਵਾਰ ਬੀਬੀ ਕੁਲਦੀਪ ਕੌਰ ਵੱਲੋਂ ਪਿੰਡ ਵਾਸੀਆਂ ਦੀਆਂ ਬਰੂਹਾਂ ਤੇ ਪਹੁੰਚ ਕੇ ਵੋਟਾਂ ਲਈ ਕੀਤੀ ਅਪੀਲ



ਜੰਡਿਆਲਾ ਗੁਰੂ 3 ਅਕਤੂਬਰ ( ਜੀਵਨ ਸ਼ਰਮਾ) ਜੰਡਿਆਲਾ ਹਲਕੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਵਿਖੇ ਸਰਪੰਚ ਦੀ ਚੋਣ ਲੜ੍ਹ ਰਹੇ ਉਮੀਦਵਾਰ ਕੁਲਦੀਪ ਕੌਰ ਪਤਨੀ ਸ੍ ਹਰਦੀਪ ਸਿੰਘ ਸੋਨਾ ਫਰਮ ਨੂੰ ਪਿੰਡ ਦੇ ਵੋਟਰਾਂ ਸਪੋਟਰਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਜਿਸ ਦੇ ਸਬੰਧ ਵਿੱਚ ਅੱਜ ਪਿੰਡ ਤਾਰਾਗੜ੍ਹ ਦੇ ਵੋਟਰਾਂ ਨੂੰ ਨਾਲ ਲੈਕੇ ਘਰਾਂ ਵਿੱਚ ਪਹੁੰਚ ਕੇ ਵੋਟਾਂ ਦੀ ਮੰਗ ਲਈ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਗਈ ਇਸ ਮੌਕੇ ਗੱਲਬਾਤ ਕਰਦਿਆਂ ਹੋਇਆਂ ਹਰਦੀਪ ਸਿੰਘ ਨੇ ਕਿਹਾ ਕਿ ਮੇਰੀ ਪਤਨੀ ਵੱਲੋਂ ਇਹ ਇਲੈਕਸ਼ਨ ਲੜੀ ਜਾ ਰਹੀ ਹੈ ਅਤੇ ਇਹ ਉਸ ਪ੍ਰਮਾਤਮਾ ਵਾਹਿਗੁਰੂ ਦੀ ਅਪਾਰ ਬਖਸ਼ਿਸ਼ ਸਦਕਾ ਅਤੇ ਪਿੰਡ ਤਾਰਾਗੜ੍ਹ ਦੇ ਸਮੂਹ ਵਾਸੀਆਂ ਦੀ ਕਿਰਪਾ ਸਦਕਾ ਸਰਪੰਚੀ ਦੀ ਚੋਣ ਲੜ੍ਹਣ ਦਾ ਮੌਕਾ ਮਿਲਿਆ ਹੈ ਅਤੇ ਮੈਂ ਆਪਣੇ ਪਿੰਡ ਦੇ ਸਮੂਹ ਵੋਟਰਾਂ ਨਾਲ ਵਾਅਦਾ ਕਰਦਾ ਹਾਂ ਕਿ ਜੇਕਰ ਸਰਪੰਚ ਦੇ ਅਹੁਦੇ ਤੋਂ ਮੇਰੀ ਪਤਨੀ ਕੁਲਦੀਪ ਕੌਰ ਨੂੰ ਸੇਵਾ ਕਰਨ ਦਾ ਮੌਕਾ ਪਿੰਡ ਵਾਸੀਆਂ ਵੱਲੋਂ ਦਿੱਤਾ ਜਾਂਦਾ ਹੈ ਤਾਂ ਪਹਿਲ ਦੇ ਆਧਾਰ ਤੇ ਗੁਰਦੁਆਰਾ ਬਾਬਾ ਜੀਵਨ ਸਿੰਘ ਪਿੰਡ ਤਾਰਾਗੜ੍ਹ ਨੂੰ ਦੱਸ ਲੱਖ ਰੁਪਏ ਇਮਾਰਤਾਂ ਵਾਸਤੇ ਦਰਸ਼ਨੀ ਭੇਟ ਦੇਵਾਂਗਾ ਅਤੇ ਮੇਰੇ ਮੰਨ ਦੀ ਖੁਸ਼ੀ ਹੈ ਕਿ ਪਿੰਡ ਨੂੰ ਮੈਂ ਮਾਡਲ ਟਾਊਨ ਵਿੱਚ ਲੈ ਕਿ ਜਾਣਾ ਹੈ ਜਿਸ ਵਿਚ ਪਿੰਡ ਦੇ ਵਿਕਾਸ ਨੂੰ ਮੁੱਖ ਰੱਖਦਿਆਂ ਹੋਇਆਂ ਪਿੰਡ ਵਾਸੀਆਂ ਲਈ ਸਰਕਾਰ ਪਾਸੋਂ ਵੱਧ ਤੋਂ ਵੱਧ ਸਹੂਲਤਾਂ ਲਈਆਂ ਜਾਣਗੀਆਂ ਇਸ ਮੌਕੇ ਕੁਲਦੀਪ ਕੌਰ ਸਰਪੰਚ ਦੀ ਉਮੀਦਵਾਰ ਪਤਨੀ ਹਰਦੀਪ ਸਿੰਘ ਤੋਂ ਇਲਾਵਾ ਮੰਗਲ ਸਿੰਘ ਚੀਨੀ,ਨਵਜੋਤ ਕੌਰ, ਭੁਪਿੰਦਰ ਸਿੰਘ, ਕੁਲਵਿੰਦਰ ਕੌਰ, ਜਸਵਿੰਦਰ ਸਿੰਘ, ਮੋਹਨਦੀਪ ਸਿੰਘ ਸਤਵੰਤ ਸਿੰਘ , ਸਤਵੰਤ ਕੌਰ ਗੋਪੀ ਝੰਡ, ਲਖਵਿੰਦਰ ਸਿੰਘ ਐਡਵੋਕੇਟ, ਪ੍ਰਵੀਨ ਕੌਰ ਮੈਂਬਰ, ,ਅੰਗਰੇਜ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੰਤ ਬਾਬਾ ਹਜਾਰਾ ਸਿੰਘ ਜੀ ਯਾਦਗਾਰੀ ਦੂਜਾ ਗੋਲਡ ਕਬੱਡੀ ਕੱਪ ਨਿੱਕੇ ਘੁੰਮਣ (ਗੁਰਦਾਸਪੁਰ) ਵਿਖੇ

# ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਵਿਸ਼ੇਸ਼ ਤੌਰ 'ਤੇ ਪਹੁੰਚੇ











ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਮਹਾਂਪੁਰਸ਼ ਸੰਤ ਬਾਬਾ ਬੁੱਧ ਸਿੰਘ ਜੀ ਨਿਕੇ ਘੁੰਮਣ ਅਤੇ ਵੀਰ ਜੀ ਐਡਵੋਕੇਟ ਲੋਕਦੀਪ ਸਿੰਘ ਘੁੰਮਣ ਵਾਲਿਆਂ ਦੀ ਯੋਗ ਅਗਵਾਈ ਹੇਠ ਸੰਤ ਬਾਬਾ ਹਜ਼ਾਰਾ ਸਿੰਘ ਜੀ ਯਾਦਗਾਰੀ ਦੂਜਾ ਗੋਲਡ ਕਬੱਡੀ ਕੱਪ ਨਿਕੇ ਘੁੰਮਣ (ਗੁਰਦਾਸਪੁਰ )ਵਿਖੇ ਕਰਵਾਇਆ ਗਿਆ। ਜਿਸ ਵਿੱਚ ਮਹਾਂਪੁਰਸ਼ ਸੰਤ ਬਾਬਾ ਬੁੱਧ ਸਿੰਘ ਜੀ ਨਿੱਕੇ ਘੁੰਮਣ ਵਾਲਿਆਂ ਦੇ ਸੱਦੇ ਤੇ ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਬੱਡੀ ਕੱਪ ਚ ਵਿਸ਼ੇਸ਼ ਤੌਰ ਤੇ ਪਹੁੰਚੇ। ਸੰਤ ਬਾਬਾ ਬੁੱਧ ਸਿੰਘ ਜੀ ਅਤੇ ਵੀਰ ਲੋਕਦੀਪ ਸਿੰਘ ਜੀ ਵੱਲੋਂ ਕਬੱਡੀ ਕੱਪ ਤੇ ਪਹੁੰਚਣ ਤੇ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ ਇੰਟਰਨੈਸ਼ਨਲ ਪੰਥਕ ਦਲ, ਭਾਈ ਮੇਜਰ ਸਿੰਘ ਜੀ ਬਟਾਲਾ, ਸ੍ਰ ਅਜੈਦੀਪ ਸਿੰਘ, ਸ੍ਰ ਗਗਨਦੀਪ ਸਿੰਘ ਅਤੇ ਹੋਰ ਬੇਅੰਤ ਪਤਵੰਤੇ ਹਾਜਰ ਸਨ।

ਘਪਲਿਆਂ ਨੂੰ ਉਜਾਗਰ ਕਰਨ ਵਾਲਿਆਂ ਖਿਲਾਫ ਝੂਠੇ ਪਰਚੇ ਦਰਜ ਕਰਨ ਦਾ ਮਾਮਲਾ

# ਹੁਣ ਘੱਟ ਗਿਣਤੀਆਂ ਕਮਿਸ਼ਨ ਰਾਹੀਂ ਕੇਂਦਰ ਸਰਕਾਰ ਕੋਲ ਪਹੁੰਚਿਆ



**ਅੰਮ੍ਰਿਤਸਰ, 3 ਅਕਤੂਬਰ (ਹਰਪਾਲ ਸਿੰਘ)**-ਮਨਿਓਰਟੀ ਕਮਿਸ਼ਨ ਦੇ ਚੇਅਰਮੈਨ ਸਰਦਾਰ ਇਕਬਾਲ ਸਿੰਘ ਜੀ ਲਾਲਪੁਰਾ ਨਾਲ ਅੱਜ ਪੰਜਾਬ ਅਗੇਂਸਟ ਕੁਰੱਪਸ਼ਨ ਸੰਸਥਾ ਦੇ ਪ੍ਰਧਾਨ ਸਤਨਾਮ ਦਾਊ ਅਤੇ ਉਹਨਾਂ ਦੇ ਸਾਥੀਆਂ ਨੇ ਦਿੱਲੀ ਵਿੱਚ ਉਹਨਾਂ ਦੇ ਦਫਤਰ ਵਿੱਚ ਮੁਲਾਕਤ ਕਰਕੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਧੱਕਿਆ ਖਿਲਾਫ ਸ਼ਿਕਾਇਤ ਦਿੱਤੀ ਗਈ। ਇਸ ਮੀਟਿੰਗ ਵਿੱਚ ਦਾਊਂ ਨੇ ਚੇਅਰਮੈਨ ਨਾਲ ਮੀਟਿੰਗ ਕਰਕੇ ਲਿਖਤੀ ਸ਼ਿਕਾਇਤ ਕੀਤੀ ਕਿ ਉਹਨਾਂ ਦੀ ਟੀਮ ਨੇ ਪੰਜਾਬ ਵਿੱਚ ਵੱਡੇ ਵੱਡੇ ਘਪਲਿਆਂ ਨੂੰ ਉਜਾਗਰ ਕੀਤਾ ਹੈ ਜਿਸ ਨਾਲ ਪੰਜਾਬ ਸਰਕਾਰ ਦੇ ਖ਼ਜ਼ਾਨੇ ਨੂੰ ਵੱਡਾ ਲਾਭ ਹੋਇਆ ਹੈ ਅਤੇ ਕਈ ਵੱਡੇ ਘਪਲੇਬਾਜ਼ ਜੇਲ੍ਹਾਂ ਵਿੱਚ ਵੀ ਗਏ ਹਨ। ਉਹਨਾਂ ਅਫ਼ਸੋਸ ਜ਼ਾਹਰ ਕੀਤਾ ਕਿ ਜਿਹੜੇ ਲੋਕਾਂ ਨੇ ਘਪਲੇ ਉਜਾਗਰ ਕੀਤੇ ਹਨ ਅਤੇ ਜਿਹੜੇ ਪੱਤਰਕਾਰਾਂ ਨੇ ਉਹਨਾਂ ਘਪਲਿਆਂ ਬਾਰੇ ਮੀਡੀਆ ਰਾਹੀ ਗੱਲਬਾਤ ਕੀਤੀ ਹੈ ਅਜਿਹੇ ਲੋਕਾਂ ਨੂੰ ਬਣਦਾ ਮਾਣ ਸਨਮਾਨ ਦੇਣ ਦੀ ਥਾਂ ਭ੍ਰਿਸਟਾਚਾਰੀਆਂ ਨਾਲ ਸੈਟਿੰਗ ਕਰਕੇ ਮਾਮਲੇ ਉਜਾਗਰ ਕਰਨ ਵਾਲਿਆਂ ਖਿਲਾਫ ਹੀ ਝੂੱਠੇ ਪਰਚੇ ਦਰਜ਼ ਕੀਤੇ ਜਾ ਰਹੇ ਹਨ ਅਤੇ ਉਹਨਾਂ ਨੂੰ ਜੇਲ੍ਹਾਂ ਵਿੱਚ ਭੇਜਿਆ ਜਾ ਰਿਹਾ ਹੈ। ਇਸ ਮੋਕੇ ਤੇ ਚੇਅਰਮੈਨ ਇਕਬਾਲ ਸਿੰਘ ਜੀ ਲਾਲਪੁਰਾ ਨੇ ਮੌਕੇ ਤੇ ਹੀ ਪੰਜਾਬ ਸਰਕਾਰ ਕੋਲੋ 20 ਦਿਨਾਂ ਅੰਦਰ ਜੁਆਬ ਮੰਗ ਲਿਆ ਹੈ ਅਤੇ ਵਾਅਦਾ ਕੀਤਾ ਹੈ ਕਿ ਦਾਊ ਅਤੇ ਇਹਨਾਂ ਦੀ ਟੀਮ ਵੱਲੋਂ ਜਿੰਨੇ ਵੀ ਘਪਲੇ ਉਜਾਗਰ ਕੀਤੇ ਗਏ ਹਨ ਬਾਰੇ ਕੇਂਦਰ ਸਰਕਾਰ ਨਾਲ ਗੱਲ ਕਰਕੇ ਕੇਂਦਰੀ ਏਜੰਸੀਆਂ ਤੋ ਵੀ ਉਹਨਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।

ਉਹਨਾਂ ਸਤਨਾਮ ਦਾਊ ਨੂੰ ਸਲਾਹ ਵੀ ਦਿੱਤੀ ਕਿ ਭਵਿੱਖ ਵਿੱਚ ਸਾਰੇ ਘਪਲਿਆਂ ਦੀ ਸ਼ਿਕਾਇਤ ਉਹਨਾਂ ਨੂੰ ਵੀ ਭੇਜੀ ਜਾਵੇ ਤਾਂ ਕਿ ਉਹ ਕੇਂਦਰ ਸਰਕਾਰ ਦੇ ਧਿਆਨ ਵਿੱਚ ਉਹ ਸਾਰੇ ਮਾਮਲੇ ਲਿਆ ਸਕਣ ਅਤੇ ਕੇਂਦਰੀ ਏਜੰਸੀਆਂ ਤੋ ਵੀ ਕਾਰਵਾਈ ਕਰਵਾ ਸਕਣ।

# ਸਪੋਰਟਸ ਕਲੱਬ ਗਿੱਲ ਕਲੇਰ ਨੇ ਕਰਾਇਆ ਪਹਿਲਾ ਯਾਦਗਾਰੀ ਕ੍ਰਿਕਟ ਟੂਰਨਾਮੈਂਟ



**ਚੌਕ ਮਹਿਤਾ, 03 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਹਿਯੋਗ ਨਾਲ ਨਵੀਂ ਹੋਂਦ ਵਿੱਚ ਆਈ, ਸਾਹਿਤਕ ਅਤੇ ਸਭਿਆਚਾਰਕ ਸੰਸਥਾ ਚਰਚਿੱਤ ਸੰਸਥਾ ਲੇਖਕ ਅਦਾਕਾਰ ਕਲਾ ਮੰਚ ਅਤੇ ਐਨ.ਆਰ.ਆਈ. ਸਪੋਰਟਸ ਕਲੱਬ ਗਿੱਲ ਕਲੇਰ ਵੱਲੋਂ ਕਰਵਾਇਆ ਗਿਆ ਪਹਿਲਾ ਕ੍ਰਿਕਟ ਟੂਰਨਾਮੈਂਟ ਯਾਦਗਾਰੀ ਹੋ ਨਿੱਬੜਿਆ । ਇਸ ਟੂਰਨਾਮੈਂਟ ਵਿੱਚ ਪਹਿਲੇ ਸਥਾਨ ਤੇ ਟਾਂਗਰਾ, ਦੂਸਰੇ ਸਥਾਨ 'ਤੇ ਮੀਆਂਵਿੰਡ, ਤੀਸਰੇ ਸਥਾਨ ਤੇ ਪੱਖੋਕੇ, ਚੌਥੇ ਸਥਾਨ 'ਤੇ ਪਿੰਡ ਭਿੰਡਰ ਦੀ ਟੀਮ ਜੇਤੂ ਰਹੀ । ਜੇਤੂ ਰਹੀਆਂ ਟੀਮਾਂ ਨੂੰ ਨਗਦ ਇਨਾਮ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ । ਛੋਟੇ ਬੱਚਿਆਂ ਦੇ ਹੋਏ ਮੁਕਾਬਲੇ ਦੌਰਾਨ ਪਹਿਲਾ ਸਥਾਨ ਪਿੰਡ ਗਿੱਲ ਕਲੇਰ ਅਤੇ ਦੂਸਰਾ ਸਥਾਨ ਪਿੰਡ ਉੱਪਲ ਦੀ ਟੀਮ ਨੇ ਪ੍ਰਾਪਤ ਕੀਤਾ, ਜੇਤੂ ਬੱਚਿਆਂ ਨੂੰ ਨਗਦ ਇਨਾਮ ਅਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ । ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਮੁੱਖ ਮਹਿਮਾਨ ਸ਼ੇਲਿੰਦਰਜੀਤ ਸਿੰਘ ਰਾਜਨ (ਮੁੱਖ ਸੰਚਾਲਕ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਅਤੇ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ), ਚੇਅਰਮੈਨ ਜਤਿੰਦਰ ਸਿੰਘ ਸੋਨੂੰ (ਯੁਵਰਾਜ ਮੈਡੀਕਲ ਸਟੋਰ), ਸੁਮੀਤ ਕਾਲੀਆ ਮੈਨੇਜਰ ਭਾਰਤ ਗੈਸ ਏਜੰਸੀ ਰਈਆ, ਕਮੇਡੀਅਨ ਚਾਚੀ ਚਤਰੋ ਅਤੇ ਕੋਚ ਜਸਵੰਤ ਸਿੰਘ ਗਿੱਲ ਨੇ ਕੀਤੀ । ਇਸ ਮੌਕੇ ਲੇਖਕ ਅਦਾਕਾਰ ਕਲਾ ਮੰਚ ਦੇ ਮੁਖੀ ਸੁਲੱਖਣ ਸਿੰਘ ਦੇਲਾਂਵਾਲ, ਸਕੱਤਰ ਸਿੰਘ ਪੁਰੇਵਾਲ, ਮੱਖਣ ਸਿੰਘ ਭੈਣੀਵਾਲਾ, ਮੁੱਖ ਸਲਾਹਕਾਰ ਡਾ: ਰਮਨ ਕੁਮਾਰ, ਪ੍ਰਧਾਨ ਗੁਰਪ੍ਰੀਤ ਸਿੰਘ ਪੁਰੇਵਾਲ,ਧਰਮਵੀਰ ਬਾਵਾ, ਸੁਦੀਪ ਕੁਮਾਰ ਖਿਲਚੀਆਂ, ਸਰਮੁੱਖ ਸਿੰਘ ਗਿੱਲ, ਕਵੀ ਅਜੈਬ ਸਿੰਘ ਬੋਦੇਵਾਲ ਨੇ ਟੂਰਨਾਮੈਂਟ ਨੂੰ ਕਾਮਯਾਬ ਕਰਨ ਲਈ ਅਹਿਮ ਭੂਮਿਕਾ ਨਿਭਾਈ । ਇਸ ਮੌਕੇ ਕਬੱਡੀ ਖਿਡਾਰੀ ਗੁਰਦੇਵ ਸਿੰਘ ਗਿੱਲ ਕਲੇਰ ਦੇ ਪਿਤਾ ਭਾਈ ਕਿਰਪਾਲ ਸਿੰਘ ਨੂੰ ਮੰਚ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਗਿੱਲ ਕਲੇਰ, ਪ੍ਰਧਾਨ ਗੁਰਦੀਪ ਸਿੰਘ, ਸੁਖਚੈਨ ਸਿੰਘ, ਦਲੇਰ ਸਿੰਘ, ਵਰਿਆਮ ਸਿੰਘ, ਸਾਬਕਾ ਸਰਪੰਚ ਅਮਰੀਕ ਸਿੰਘ ਗਿੱਲ ਕਲੇਰ, ਸਲਵੰਤ ਸਿੰਘ ਪੁਰੇਵਾਲ, ਪ੍ਰਧਾਨ ਮਹਿਲਾ ਵਿੰਗ ਸੁਨੀਤਾ ਰਾਣੀ, ਜਸਬੀਰ ਕੌਰ, ਰਮਨਪ੍ਰੀਤ ਕੌਰ, ਸੀਮਾ ਕਾਲੀਆ, ਵੀਨਾ ਸ਼ਰਮਾ, ਐਨੀ ਸ਼ਰਮਾ, ਕ੍ਰਿਸ਼ਨਾਵਤੀ, ਸ਼ਰਨਜੀਤ ਕੌਰ, ਮਨਪ੍ਰੀਤ ਕੌਰ, ਮਨਜੀਤ ਕੌਰ, ਹਰਜੀਤ ਕੌਰ,ਪ੍ਰਭਨੂਰ ਕੌਰ, ਕੁਲਵਿੰਦਰ ਕੌਰ, ਗੁਰਸਿਮਰਨ ਸ਼ਰਮਾ, ਮਨਜੀਤ ਸਿੰਘ, ਮਿ: ਕਰਤਾਰ ਸਿੰਘ, ਨੈਤਿਕ ਸ਼ਰਮਾ (ਕੈਪਟਨ), ਹਰਪਾਲ ਸਿੰਘ, ਲਖਵਿੰਦਰ ਉੱਪਲ,ਮੋਨੂ ਅੱਲੋਵਾਲ, ਪ੍ਰਦੀਪ ਸਿੰਘ ਕੰਗ, ਚਰਨਜੀਤ ਸਿੰਘ, ਸੁਬੇਗ ਸਿੰਘ ਮੀਆਂ ਵਿੰਡ, ਅੰਗਰੇਜ਼ ਸਿੰਘ ਖਡੂਰ ਸਾਹਿਬ, ਅਰਜਨ ਸਿੰਘ ਸਰਾਂ ਤਲਵੰਡੀ, ਸਤਨਾਮ ਸਿੰਘ ਸਰਾਂ ਤਲਵੰਡੀ, ਅਰਮਾਨ ਜੋਤ ਸਿੰਘ ਦਿਉਲ, ਸ਼ਮਸ਼ੇਰ ਸਿੰਘ, ਕੁਲਬੀਰ ਸਿੰਘ, ਹਰਪ੍ਰੀਤ ਸਿੰਘ, ਗੁਰਮੀਤ ਸਿੰਘ ਵੀ ਮੌਜੂਦ ਸਨ।

# ਜਿੱਤਣ ਤੋਂ ਬਾਅਦ ਕਾਂਝਲਾ ਨੂੰ ਨਮੂਨੇ ਦਾ ਪਿੰਡ ਬਣਾ ਕੇ ਦਮ ਲਵਾਂਗਾ: ਬਸੰਤ ਕੁਮਾਰ ਕਾਂਝਲਾ



ਧੂਰੀ ( ਰਣਜੀਤ ਸਿੰਘ ਪੇਧਨੀ ) ਨੇੜਲੇ ਪਿੰਡ ਕਾਂਝਲਾ ਤੋਂ ਸਰਪੰਚੀ ਦੇ ਉਮੀਦਵਾਰ ਬਸੰਤ ਕੁਮਾਰ ਕਾਂਝਲਾ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਮੁੱਚੇ ਨਗਰ ਨੇ ਉਨਾਂ ਨੂੰ ਪੂਰਨ ਸਹਿਯੋਗ ਦਿੱਤਾ ਤਾਂ ਉਹ ਪਿੰਡ ਵਿਚਲੇ ਪਏ ਅਧੂਰੇ ਕਾਰਜਾਂ ਨੂੰ ਸਿਰੇ ਲਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਹਨਾਂ ਕਿਹਾ ਹੈ ਕਿ ਉਹ ਸ਼ੁਰੂ ਤੋਂ ਹੀ ਕਿਸਾਨਾਂ, ਮਜ਼ਦੂਰਾਂ ਨਾਲ ਸਮੇਂ ਸਮੇਂ ਸਿਰ ਹੁੰ ਦੀਆਂ ਧੱਕੇਸਾਹੀਆਂ ਤੇ ਬੇਇਨਸਾਫੀ ਦੇ ਖਿਲਾਫ ਦਲੇਰੀ ਨਾਲ ਲੜਾਈ ਲੜਦੇ ਰਹੇ ਹਨ। ਉਹਨਾਂ ਸਮੁੱਚੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਿੰਡ ਦੀ ਭਾਈਚਾਰਕ ਸਾਂਝ ਨੂੰ ਮਜਬੂਤ ਰੱਖਣ ਅਤੇ ਆਪਣੀ ਸਵਿਧਾਨਿਕ ਵੋਟ ਦਾ ਇਸਤੇਮਾਲ ਕਰਨ । ਜੇਕਰ ਕਾਂਝਲਾ ਨਿਵਾਸੀ ਉਹਨਾਂ ਨੂੰ ਪਿੰਡ ਦੀ ਸੇਵਾ ਕਰਨ ਦਾ ਆਸ਼ੀਰਵਾਦ ਦਿੰਦੇ ਹਨ ਤਾਂ ਉਹ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦੀ ਨੁਹਾਰ ਬਦਲਣ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡਣਗੇ। ਇਸ ਮੌਕੇ ਆਪ ਦੇ ਸੀਨੀਅਰ ਆਗੂ ਕਰਮਜੀਤ ਸਿੰਘ ਕਾਂਝਲਾ, ਪਰਮਜੀਤ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲਾ, ਨਪਿੰਦਰ ਸਿੰਘ ਕਾਂਝਲਾ, ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ, ਸਰਪੰਚ ਅਮਨਦੀਪ ਸਿੰਘ ਕਾਂਝਲਾ ਲਾਲ ਸਿੰਘ, ਦਰਸ਼ਨ ਸਿੰਘ, ਯਮਲਾ ਸਿੰਘ ਹਾਜਰ ਸਨ।





## ਜਨਮ ਦਿਨ ਮੁਬਾਰਕ

**ਅਵਨੀਤ ਕੌਰ ਰੰਧਾਵਾ**

ਪਿਤਾ : ਸੁਖਵਿੰਦਰ ਸਿੰਘ ਰੰਧਾਵਾ, ਮਾਤਾ ਸਿਮਰਜੀਤ ਕੌਰ ਰੰਧਾਵਾ, ਪਿੰਡ ਖੱਬੇ ਰਾਜਪੂਤਾਂ ਜਿਲਾ ਅਮ੍ਰਿਤਸਰ (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV